ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਬੁੱਧਵਾਰ, 26 ਜੂਨ 2024 (ਨਾਨਕਸ਼ਾਹੀ ਸੰਮਤ : ੫੫੬, ੧੩ ਹਾੜ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਸ੍ਰੀ ਹਰਿਮੰਦਰ ਸਾਹਿਬ 'ਚ 'ਯੋਗਾ' ਕਰਨ ਦੀ ਘਟਨਾ ਤੋਂ ਬਾਅਦ ਸ਼੍ਰੋਮਣੀ ਕਮੇਟੀ ਸਖ਼ਤ, ਜਾਰੀ ਕੀਤੀਆਂ ਵਿਸ਼ੇਸ਼ ਹਦਾਇਤਾਂ

**ਅੰਮ੍ਰਿਤਸਰ, 25 ਜੂਨ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਹਰਿਮੰਦਰ ਸਾਹਿਬ ਦੀ ਪਰਿਕਰਮਾ 'ਚ ਕੁੜੀ ਦੇ ਯੋਗਾ ਕਰਨ ਤੋਂ ਬਾਅਦ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਐੱਸ. ਜੀ. ਪੀ. ਸੀ.) ਨੇ ਸ਼ਰਧਾਲੂਆਂ ਨੂੰ ਮੰਦਰ ਦੇ ਅੰਦਰ ਬਿਨਾਂ ਇਜਾਜ਼ਤ ਦੇ ਫੋਟੋਆਂ ਖਿੱਚਣ ਅਤੇ ਵੀਡੀਓ ਰਿਕਾਰਡ ਕਰਨ ਤੋਂ ਮਨਾ ਕੀਤਾ ਹੈ। ਇਸ ਦੌਰਾਨ ਸ਼੍ਰੋਮਣੀ ਕਮੇਟੀ ਦੇ ਬੁਲਾਰੇ ਹਰਭਜਨ ਸਿੰਘ ਨੇ ਦੱਸਿਆ ਕਿ ਸ੍ਰੀ ਹਰਿਮੰਦਰ ਸਾਹਿਬ ਦੇ ਅੰਦਰ ਵੱਡੀਆਂ ਸਕਰੀਨਾਂ ਅਤੇ ਨੋਟਿਸ ਬੋਰਡ ਲਗਾਏ ਗਏ ਹਨ, ਜਿਸ ਵਿੱਚ ਸ਼ਰਧਾਲੂਆਂ ਨੂੰ ਫੋਟੋਗ੍ਰਾਫੀ ਜਾਂ ਵੀਡੀਓਗ੍ਰਾਫੀ ਨਾ ਕਰਨ ਦੀ ਅਪੀਲ ਕੀਤੀ ਗਈ ਹੈ, ਜਿਸ ਨਾਲ ਇਸ ਅਸਥਾਨ ਦੀ ਪਵਿੱਤਰਤਾ ਨੂੰ ਢਾਹ ਲੱਗ ਸਕਦੀ ਹੈ। ਉਨ੍ਹਾਂ ਕਿਹਾ ਕਿ ਸ਼ਰਧਾਲੂਆਂ ਨੂੰ ਧਾਰਮਿਕ ਸਥਾਨ ਦੀ ਪਵਿੱਤਰਤਾ ਨੂੰ ਧਿਆਨ ਵਿੱਚ ਰੱਖਦੇ ਹੋਏ ਘੱਟੋ ਘੱਟ ਨੈਤਿਕਤਾ ਦਿਖਾਉਣੀ ਚਾਹੀਦੀ ਹੈ। ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਪ੍ਰਵੇਸ਼ ਦੁਆਰ 'ਤੇ ਸ਼ਰਧਾਲੂਆਂ ਲਈ ਕੀ ਕਰਨਾ ਅਤੇ ਨਾ ਕਰਨਾ ਨੂੰ ਦਰਸਾਉਂਦੀ ਇੱਕ ਡਿਜੀਟਲ ਸਕ੍ਰੀਨ ਲਗਾਈ ਗਈ ਹੈ। ਇਹ ਸਕਰੀਨ ਪੰਜਾਬੀ, ਹਿੰਦੀ ਅਤੇ ਅੰਗਰੇਜ਼ੀ ਭਾਸ਼ਾਵਾਂ ਵਿੱਚ ਪਵਿੱਤਰ ਅਸਥਾਨ 'ਤੇ ਮਰਯਾਦਾ 'ਚ ਰਹਿਣ ਬਾਰੇ ਜਾਣਕਾਰੀ ਪ੍ਰਦਾਨ ਕਰਦੀ ਹੈ। ਸ਼੍ਰੋਮਣੀ ਕਮੇਟੀ ਦੇ ਸਕੱਤਰ ਪ੍ਰਤਾਪ ਸਿੰਘ ਨੇ ਕਿਹਾ ਕਿ ਸ਼ਰਧਾਲੂ ਯਾਦਗਾਰੀ ਚਿੰਨ੍ਹ ਵਜੋਂ ਤਸਵੀਰਾਂ ਖਿੱਚ ਸਕਦੇ ਹਨ ਪਰ ਜਿਸ ਤਰ੍ਹਾਂ ਸੋਸ਼ਲ ਮੀਡੀਆ 'ਤੇ ਕੁਝ ਲੋਕਾਂ ਵੱਲੋਂ ਇਸ ਦੀ ਦੁਰਵਰਤੋਂ ਕੀਤੀ ਗਈ ਹੈ, ਉਹ ਚਿੰਤਾ ਦਾ ਕਾਰਨ ਹੈ। ਉਨ੍ਹਾਂ ਕਿਹਾ ਪਰਿਕਰਮਾ 'ਤੇ ਡਿਊਟੀ 'ਤੇ ਮੌਜੂਦ ਸਟਾਫ ਨੂੰ ਚੌਕਸ ਰਹਿਣ ਦੇ ਨਿਰਦੇਸ਼ ਦਿੱਤੇ ਗਏ ਹਨ।

## ਸੁਖਬੀਰ ਬਾਦਲ ਦਾ ਅਸਤੀਫ਼ਾ ਮੰਗ ਬਾਗੀ ਧੜੇ ਨੇ ਪਾ ਲਿਆ ਨਵਾਂ ਕਲੇਸ਼

# ਟੁੱਟਣ ਕੰਢੇ ਅਕਾਲੀ ਦਲ

**ਚੰਡੀਗੜ੍ਹ, 25 ਜੂਨ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਇਸ ਵੇਲੇ ਸਭ ਤੋਂ ਵੱਡੀ ਖਾਨਾਜੰਗੀ ਦਾ ਸਾਹਮਣਾ ਕਰ ਰਿਹਾ ਹੈ ਕਿਉਂਕਿ ਹੁਣ ਬਾਗੀ ਧੜੇ ਵੱਲੋਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਦੀ ਮੀਟਿੰਗ ਵਾਲੇ ਦਿਨ ਜਲੰਧਰ ਵਿੱਚ ਵੱਖਰੀ ਮੀਟਿੰਗ ਕੀਤੀ ਹੈ। ਇਸ ਵਿੱਚ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਅਸਤੀਫ਼ੇ ਦੀ ਮੰਗ ਕੀਤੀ ਗਈ ਹੈ। ਜ਼ਿਕਰ ਕਰ ਦਈਏ ਕਿ ਚੰਡੀਗੜ੍ਹ ਵਿੱਚ ਸ਼੍ਰੋਮਣੀ ਅਕਾਲੀ ਦਲ ਵੱਲੋਂ ਆਪਣੇ ਅਹੁਦੇਦਾਰਾਂ ਦੀ ਮੀਟਿੰਗਾਂ ਕੀਤੀ ਗਈ ਸੀ। ਇਸ ਵਿੱਚ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਤੇ ਅਹੁਦੇਦਾਰਾਂ ਸ਼ਾਮਲ ਹੋਏ ਸਨ। ਜ਼ਿਕਰ ਕਰ ਦਈਏ ਕਿ ਜਲੰਧਰ ਵਿੱਚ ਬਾਗੀ ਲੀਡਰਾਂ ਦੀ ਮੀਟਿੰਗ ਵਿੱਚ ਸਿਕੰਦਰ ਸਿੰਘ ਮਲੂਕਾ, ਸੁਰਜੀਤ ਸਿੰਘ ਰੱਖੜਾ, ਬੀਬੀ ਜਗੀਰ ਕੌਰ, ਪ੍ਰੇਮ ਸਿੰਘ ਚੰਦੂਮਾਜਰਾ ਅਤੇ ਹੋਰ ਕਈ ਸੀਨੀਅਰ ਆਗੂ ਹਾਜ਼ਰ ਸਨ।



ਪ੍ਰੇਮ ਸਿੰਘ ਚੰਦੂਮਾਜਰਾ ਨੇ ਕਿਹਾ-ਅੱਜ ਇਸ ਗੱਲ 'ਤੇ ਗੰਭੀਰ ਚਰਚਾ ਹੋਈ ਕਿ ਅਕਾਲੀ ਦਲ ਇੰਨਾ ਕਮਜ਼ੋਰ ਕਿਉਂ ਹੋ ਗਿਆ ਹੈ। ਅੱਜ ਅਸੀਂ ਤਖਤ ਤੋਂ ਫਰਸ਼ 'ਤੇ ਆਏ ਹਾਂ। ਅੱਜ ਪਾਰਟੀ ਨੂੰ ਇਸ ਦੀ ਪੁਰਾਣੀ ਨੀਂਹ 'ਤੇ ਲਿਆਉਣ ਲਈ ਬਦਲਾਅ ਜ਼ਰੂਰੀ ਹੈ। ਚੰਦੂਮਾਜਰਾ ਨੇ ਕਿਹਾ- 1 ਜੁਲਾਈ ਨੂੰ ਅਸੀਂ ਸਾਰੇ ਅਕਾਲੀ ਆਗੂ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਮੱਥਾ ਟੇਕਣਗੇ। 1 ਜੁਲਾਈ ਨੂੰ ਉਥੋਂ ਹੀ ਸ਼੍ਰੋਮਣੀ ਅਕਾਲੀ ਦਲ ਬਚਾਓ ਲਹਿਰ ਸ਼ੁਰੂ ਕਰਾਂਗੇ। ਇਸ ਯਾਤਰਾ ਵਿੱਚ ਅਕਾਲੀ ਦਲ ਦੇ ਸੀਨੀਅਰ ਆਗੂ ਸ਼ਾਮਲ ਹੋਣਗੇ। ਚੰਦੂਮਾਜਰਾ ਨੇ ਇਹ ਵੀ ਕਿਹਾ- ਮੈਂ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੂੰ ਅਪੀਲ ਕਰਦਾ ਹਾਂ ਕਿ ਵਰਕਰਾਂ ਦੀਆਂ ਭਾਵਨਾਵਾਂ ਨੂੰ ਨਜ਼ਰਅੰਦਾਜ਼ ਨਾ ਕਰੋ, ਸਗੋਂ ਉਨ੍ਹਾਂ ਨੂੰ ਸਮਝੋ। ਜਾਣਕਾਰੀ ਮੁਤਾਬਕ, ਸ਼੍ਰੋਮਣੀ ਅਕਾਲੀ ਦਲ ਦੇ ਬਾਗ.ੀ ਲੀਡਰਾਂ ਦੀ ਮੀਟਿੰਗ ਵਿੱਚ ਇਹ ਫ਼ੈਸਲਾ ਲਿਆ ਗਿਆ ਕਿ ਸੁਖਬੀਰ ਸਿੰਘ ਬਾਦਲ ਨੂੰ ਸ਼੍ਰੋਮਣੀ ਅਕਾਲੀ ਦਲ ਦੀ ਪ੍ਰਧਾਨਗੀ ਛੱਡ ਦੇਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦਾ ਪ੍ਰਧਾਨ ਸੁੱਚੀ ਸ਼ਖਸੀਅਤ ਵਾਲਾ ਹੋਣਾ ਚਾਹੀਦਾ ਹੈ। ਉਨ੍ਹਾਂ ਇਸ ਮੌਕੇ ਇੱਕ ਨਵੇਂ ਪ੍ਰਧਾਨ ਦੀ ਮੰਗ ਕੀਤੀ ਗਈ ਹੈ। ਦੱਸ ਦੇਈਏ ਕਿ ਕੁਝ ਦਿਨ ਪਹਿਲਾਂ ਵੀ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੂੰ ਬਦਲਣ ਦੀ ਮੰਗ ਉਠਾਈ ਗਈ ਸੀ। ਹੁਣ ਇਹ ਮਾਮਲਾ ਫਿਰ ਜ਼ੋਰ ਫੜ ਗਿਆ ਹੈ। ਜਾਣਕਾਰੀ ਅਨੁਸਾਰ ਆਗੂਆਂ ਦੀ ਮੀਟਿੰਗ ਕਰੀਬ ਪੰਜ ਘੰਟੇ ਚੱਲੀ। ਆਗੂਆਂ ਨੇ ਕਿਹਾ- 2017 ਤੋਂ 2024 ਤੱਕ ਅਕਾਲੀ ਦਲ ਦਾ ਪੱਧਰ ਡਿੱਗਿਆ ਹੈ, ਇਹ ਚਿੰਤਾ ਦਾ ਵਿਸ਼ਾ ਹੈ।

## ਸੁਖਬੀਰ ਬਾਦਲ ਕਰਕੇ ਆਪਸ 'ਚ ਭਿੜੇ ਅਕਾਲੀ ਦਲ ਦੇ 2 ਵੱਡੇ ਲੀਡਰ, ਮਾਫ਼ੀਆ ਨਾਲ ਕੌਣ ਕੌਣ ਮਿਲਿਆ ਖੋਲ੍ਹ 'ਤੇ ਭੇਦ

**ਚੰਡੀਗੜ੍ਹ, 25 ਜੂਨ (ਆਵਾਜ਼ਿ ਕੌਮ ਬਿਊਰੋ)**-ਲੋਕ ਸਭਾ ਚੋਣਾਂ 2024 ਵਿੱਚ ਅਕਾਲੀ ਦਲ ਪੰਜਾਬ ਦੀਆਂ 13 ਸੀਟਾਂ ਵਿਚੋਂ ਮਹਿਜ਼ ਇੱਕ ਹੀ ਸੀਟ ਜਿੱਤ ਸਕਿਆ ਹੈ। ਜਿਸ ਤੋਂ ਬਾਅਦ ਅਕਾਲੀ ਦਲ ਦੇ ਅੰਦਰ ਹੁਣ ਪਾਰਟੀ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਖਿਲਾਫ਼ ਵੀ ਸੁਰ ਉੱਠਣ ਲੱਗੇ ਹਨ। ਬਾਦਲ ਦੇ ਖ਼ਾਸਮਖ਼ਾਸ ਇੱਕ ਦੂਜੇ ਦੇ ਭੇਤ ਖੋਲ੍ਹਣ ਲੱਗੇ ਹਨ। ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਨਜ਼ਦੀਕੀ ਮੰਨੇ ਜਾਂਦੇ ਉਹਨਾਂ ਦੇ ਸਲਾਹਕਾਰ ਚਰਨਜੀਤ ਸਿੰਘ ਬਰਾੜ ਵੀ ਇਸ ਵਾਰ ਖੁੱਲ੍ਹ ਕੇ ਸਾਹਮਣੇ ਆਏ ਹਨ। ਪ੍ਰਧਾਨ ਦੀ ਕੁਰਸੀ 'ਤੇ ਮੌਜੂਦ ਵਿਅਕਤੀ ਯਾਨੀ ਸੁਖਬੀਰ ਸਿੰਘ ਬਾਦਲ ਨੂੰ ਹੀ ਸਲਾਹਾਂ ਦੇ ਰਹੇ ਹਨ। ਇਸ ਦਰਮਿਆਨ ਚਰਨਜੀਤ ਸਿੰਘ ਬਰਾੜ ਅਤੇ ਪਰਮਬੰਸ ਸਿੰਘ ਬੰਟੀ ਰੋਮਾਨਾ ਨੇ ਇਕ ਦੂਜੇ ਵਿਰੁਧ ਗੰਭੀਰ ਦੋਸ਼ ਲਾਏ ਹਨ।





ਚਰਨਜੀਤ ਸਿੰਘ ਬਰਾੜ ਨੇ ਸੁਖਬੀਰ ਨੂੰ ਚਿੱਠੀ ਲਿਖ ਕੇ ਪਾਰਟੀ ਦੀ ਹਾਰ ਲਈ ਕੁੱਝ ਸਲਾਹਕਾਰਾਂ ਨੂੰ ਜ਼ਿੰਮੇਵਾਰ ਦਸਦਿਆਂ ਵਿਸ਼ੇਸ਼ ਤੌਰ 'ਤੇ ਬੰਟੀ ਰੋਮਾਨਾ ਦਾ ਨਾਂ ਲਿਆ ਸੀ। ਹੁਣ ਬੰਟੀ ਰੋਮਾਨਾ ਨੇ ਬਰਾੜ ਤੇ ਹਮਲਾ ਬੋਲਦਿਆਂ ਕਿਹਾ ਕਿ ਇਹ ਇਕ ਸਵਾਰੀਆਂ ਢੋਹਣ ਵਾਲਾ ਘੜੂੱਕਾ ਚਲਾਉਂਦਾ ਰਿਹਾ ਹੈ ਤੇ ਪਟਿਆਲਾ ਦੀ ਲੋਕ ਸਭਾ ਟਿਕਟ ਨਾ ਮਿਲਣ ਕਾਰਨ ਪਾਰਟੀ ਬਾਰੇ ਬੋਲ ਰਿਹਾ ਹੈ। ਪਹਿਲਾਂ ਪੀ.ਪੀ.ਪੀ. ਪਾਰਟੀ ਵਿਚ ਟਿਕਟ ਨਾ ਮਿਲਣ ਕਾਰਨ ਮਨਪ੍ਰੀਤ ਸਿੰਘ ਬਾਦਲ ਦਾ ਸਾਥ ਛੜਿਆ ਸੀ। ਉਨ੍ਹਾਂ ਸੁਖਬੀਰ 'ਤੇ ਵੀ ਸਵਾਲ ਉਠਾਇਆ ਕਿ ਪਤਾ ਨਹੀਂ ਅਜਿਹੇ ਬੰਦਿਆਂ ਨੂੰ ਕਿਉਂ ਨਾਲ ਰਖਿਆ ਗਿਆ? ਬੰਟੀ ਰੋਮਾਨਾ ਨੇ ਚਰਨਜੀਤ ਬਰਾੜ ਉਪਰ ਜਾਅਲੀ ਸਰਟੀਫ਼ੀਕੇਟ ਨਾਲ ਨੌਕਰੀ ਲੈਣ ਤੇ ਬਾਹਰੋਂ ਪੈਸੇ ਵਸੂਲਣ ਵਰਗੇ ਗੰਭੀਰ ਦੋਸ਼ ਵੀ ਲਾਏ ਹਨ। ਦੂਜੇ ਪਾਸੇ ਚਰਨਜੀਤ ਬਰਾੜ ਨੇ ਵੀ ਬੰਟੀ ਰੋਮਾਨਾ 'ਤੇ ਹਮਲੇ ਬੋਲਦਿਆਂ ਕਿਹਾ ਕਿ ਬੰਟੀ ਮੇਰੇ ਉਪਰ ਸਵਾਲ ਚੁਕਦਾ ਹੈ ਪਰ ਫ਼ਰੀਦਕੋਟ ਵਿਚ ਲੋਕ ਸਭਾ ਦੀ ਚੋਣ ਹਾਰਨ ਸਮੇਂ ਬੰਟੀ ਰੋਮਾਨਾ ਦੇ ਪਿਤਾ ਨੇ ਫ਼ਾਇਰ ਕਰ ਕੇ ਖ਼ੁਸ਼ੀ ਮਨਾਈ ਸੀ, ਬਰਾੜ ਨੇ ਬੰਟੀ ਉਪਰ ਰੇਲ, ਬਜਰੀ ਅਤੇ ਹੋਰ ਅਜਿਹੇ ਨਾਜਾਇਜ਼ ਕਾਰੋਬਾਰ ਕਰਨ ਦੇ ਵੀ ਦੋਸ਼ ਲਾਏ ਹਨ ਅਤੇ ਉਸ ਨੂੰ ਕਿਹਾ ਕਿ ਮੇਰੀ ਕਿਰਦਾਰ ਕੁਸ਼ੀ ਕਰਨ ਤੋਂ ਬਾਜ਼ ਆਵੇ ਨਹੀਂ ਤਾਂ ਮੈਂ ਹੋਰ ਵੀ ਬਹੁਤ ਭੇਤ ਖੋਲ੍ਹਣ ਲਈ ਮਜਬੂਰ ਹੋਵਾਂਗਾ।

## ਉੱਡਦਾ ਜਹਾਜ਼ 27000 ਫੁੱਟ ਡਿੱਗਾ ਹੇਠਾਂ, ਯਾਤਰੀਆਂ ਦੇ ਕੰਨਾਂ 'ਚੋਂ ਨਿਕਲਣ ਲੱਗਾ ਖ਼ੂਨ, ਕਈ ਜ਼ਖਮੀਂ

**ਨਵੀਂ ਦਿੱਲੀ, 25 ਜੂਨ (ਆਵਾਜ਼ਿ ਕੌਮ ਬਿਊਰੋ)**-ਬੋਇੰਗ ਜਹਾਜ਼ ਦੇ ਹਾਦਸੇ ਨੇ ਇਕ ਵਾਰ ਫਿਰ ਸਵਾਲ ਖੜ੍ਹੇ ਕਰ ਦਿੱਤੇ ਹਨ। ਟੇਕਆਫ ਤੋਂ ਥੋੜ੍ਹੀ ਦੇਰ ਬਾਅਦ, ਬੋਇੰਗ ਫਲਾਈਟ KE189 ਅਚਾਨਕ ਲਗਭਗ 27,000 ਫੁੱਟ ਤੱਕ ਹੇਠਾਂ ਆ ਗਈ, ਜਿਸ ਤੋਂ ਬਾਅਦ ਐਮਰਜੈਂਸੀ ਲੈਂਡਿੰਗ ਕਰਨੀ ਪਈ। ਇਸ ਦੌਰਾਨ ਦੱਖਣੀ ਕੋਰੀਆ ਤੋਂ ਤਾਈਵਾਨ ਜਾ ਰਹੀ ਫਲਾਈਟ 'ਚ ਕਈ ਯਾਤਰੀਆਂ ਨੂੰ ਸਾਹ ਲੈਣ 'ਚ ਦਿੱਕਤ ਆਈ ਅਤੇ ਕਈਆਂ ਦੇ ਕੰਨਾਂ 'ਚੋਂ ਖ਼ੂਨ ਵਹਿਣ ਲੱਗਾ। ਬ੍ਰਿਟਿਸ਼ ਮੀਡੀਆ ਹਾਊਸ ਇੰਡੀਪੈਂਡੈਂਟ ਦੀ ਰਿਪੋਰਟ ਮੁਤਾਬਕ ਫਲਾਈਟ ਨੇ ਸ਼ਨੀਵਾਰ ਨੂੰ ਸਥਾਨਕ ਸਮੇਂ ਮੁਤਾਬਕ ਸ਼ਾਮ 4:45 ਵਜੇ ਦੱਖਣੀ ਕੋਰੀਆ ਦੇ ਇੰਚੀਓਨ ਇੰਟਰਨੈਸ਼ਨਲ ਏਅਰਪੋਰਟ ਤੋਂ ਉਡਾਣ ਭਰੀ ਅਤੇ ਟੇਕਆਫ ਦੇ 50 ਮਿੰਟ ਬਾਅਦ ਹੀ ਤਕਨੀਕੀ ਖਰਾਬੀ ਆ ਗਈ। ਇਸ ਕਾਰਨ ਫਲਾਈਟ 15 ਮਿੰਟਾਂ 'ਚ ਹੀ 26,900 ਫੁੱਟ ਤੱਕ ਹੇਠਾਂ ਆ ਗਈ। ਉਸ ਸਮੇਂ ਇਹ ਦੱਖਣੀ ਕੋਰੀਆ ਦੇ ਜੇਜੂ ਟਾਪੂ ਉੱਤੇ ਸੀ। ਅਚਾਨਕ ਜਹਾਜ਼ ਦੇ ਪ੍ਰੈਸ਼ਰ ਸਿਸਟਮ 'ਚ ਤਕਨੀਕੀ ਖਰਾਬੀ ਦਾ ਸੰਕੇਤ ਮਿਲਿਆ, ਜਿਸ ਤੋਂ ਬਾਅਦ ਫਲਾਈਟ ਨੂੰ ਇੰਚੀਓਨ ਇੰਟਰਨੈਸ਼ਨਲ ਏਅਰਪੋਰਟ 'ਤੇ ਉਤਾਰਿਆ ਗਿਆ, ਜੋ ਕਿ ਟੇਕਆਫ ਸਥਾਨ ਸੀ। ਫਲਾਈਟ ਦੇ ਅਚਾਨਕ ਡਿੱਗਣ ਕਾਰਨ ਜ਼ਖਮੀ ਹੋਏ 17 ਲੋਕਾਂ ਨੂੰ ਹਸਪਤਾਲ 'ਚ ਭਰਤੀ ਕਰਵਾਇਆ ਗਿਆ ਹੈ। ਹਾਲਾਂਕਿ ਕੁਝ ਸਮੇਂ ਬਾਅਦ ਉਸ ਨੂੰ ਛੁੱਟੀ ਦੇ ਦਿੱਤੀ ਗਈ। 15 ਯਾਤਰੀਆਂ ਨੇ ਕੰਨ ਦੇ ਪਰਦੇ ਵਿਚ ਦਰਜ ਜਾਂ ਹਾਈਪਰਵੈਂਟਿਲੇਸ਼ਨ ਦੀ ਸ਼ਿਕਾਇਤ ਕੀਤੀ। ਇਕ ਯਾਤਰੀ ਨੇ ਕਿਹਾ ਕਿ ਇਹ ਬਿਲਕੁਲ ਇਕ ਰੋਲਰ-ਕੋਸਟਰ ਵਰਗਾ ਸੀ। 13 ਯਾਤਰੀਆਂ ਨੂੰ ਇਲਾਜ ਲਈ ਲਿਜਾਇਆ ਗਿਆ। ਹਾਲਾਂਕਿ, ਕੋਈ ਵੀ ਗੰਭੀਰ ਜ਼ਖਮੀ ਨਹੀਂ ਹੋਇਆ ਹੈ। ਜਾਣਕਾਰੀ ਮੁਤਾਬਕ ਫਲਾਈਟ ਵਿੱਚ ਯਾਤਰੀਆਂ ਨੂੰ ਭੋਜਨ ਪਰੋਸਣ ਤੋਂ ਕੁਝ ਦੇਰ ਬਾਅਦ ਹੀ ਜਹਾਜ਼ ਉਚਾਈ ਤੋਂ ਡਿੱਗਣ ਲੱਗ ਗਿਆ, ਜਿਸ ਨਾਲ ਕੈਬਿਨ ਵਿੱਚ ਹਫੜਾ-ਦਫੜੀ ਮਚ ਗਈ। ਯਾਤਰੀਆਂ ਨੂੰ ਕੰਨਾਂ ਅਤੇ ਸਿਰ ਵਿੱਚ ਤੇਜ਼ ਦਰਦ ਹੋਣ ਦੇ ਨਾਲ-ਨਾਲ ਚੱਕਰ ਆਉਣੇ ਸ਼ੁਰੂ ਹੋ ਗਏ। ਇਸ ਦੇ ਨਾਲ ਹੀ ਜਹਾਜ਼ 'ਚ ਬੈਠੇ ਬੱਚੇ ਰੋਣ ਲੱਗੇ। ਫਲਾਈਟ ਅਟੈਂਡੈਂਟਾਂ ਨੇ ਤੁਰੰਤ ਜਵਾਬ ਦਿੱਤਾ ਅਤੇ ਯਾਤਰੀਆਂ ਨੂੰ ਆਕਸੀਜਨ ਮਾਸਕ ਮੁਹੱਈਆ ਕਰਵਾਏ। ਇਸ ਤੋਂ ਤੁਰੰਤ ਬਾਅਦ ਪਾਇਲਟ ਨੇ ਜਹਾਜ਼ ਨੂੰ ਵਾਪਸ ਇੰਚੀਓਨ ਹਵਾਈ ਅੱਡੇ 'ਤੇ ਲਿਜਾਣ ਦਾ ਫੈਸਲਾ ਕੀਤਾ। ਯਾਤਰੀਆਂ ਨੇ ਦੱਸਿਆ ਕਿ ਉਹ ਬਹੁਤ ਡਰੇ ਹੋਏ ਸਨ ਅਤੇ ਜਹਾਜ਼ ਵਿੱਚ ਮੌਜੂਦ ਬੱਚੇ ਰੋਣ ਲੱਗੇ। ਯਾਤਰੀਆਂ ਨੂੰ ਡਰ ਸੀ ਕਿ ਫਲਾਈਟ ਹੇਠਾਂ ਡਿੱਗ ਸਕਦੀ ਹੈ। ਕੋਰੀਆਈ ਏਵੀਏਸ਼ਨ ਅਥਾਰਟੀ ਨੇ ਫਲਾਈਟ ਦੀ ਤਕਨੀਕੀ ਖਰਾਬੀ ਦੇ ਕਾਰਨਾਂ ਦਾ ਪਤਾ ਲਗਾਉਣ ਲਈ ਜਾਂਚ ਦੇ ਹੁਕਮ ਦਿੱਤੇ ਹਨ। ਸਾਰੇ ਮੁਸਾਫਰਾਂ ਨੂੰ 19 ਘੰਟੇ ਬਾਅਦ ਦੂਜੀ ਫਲਾਈਟ ਰਾਹੀਂ ਤਾਈਪੇ, ਤਾਈਵਾਨ ਪਹੁੰਚਾਇਆ ਗਿਆ।



## ਸੰਸਦ 'ਚ ਪਈ ਭਾਈ ਅੰਮ੍ਰਿਤਪਾਲ ਸਿੰਘ ਨੂੰ ਆਵਾਜ਼, ਸਹੁੰ ਚੁੱਕਣ ਲਈ ਸਪੀਕਰ ਨੇ ਖੁਦ ਦਿੱਤਾ ਸੱਦਾ

**ਨਵੀਂ ਦਿੱਲੀ, 25 ਜੂਨ (ਆਵਾਜ਼ਿ ਕੌਮ ਬਿਊਰੋ)**-ਅੱਜ ਪਾਰਲੀਮੈਂਟ ਵਿੱਚ ਪੰਜਾਬ ਦੇ ਸੰਸਦ ਮੈਂਬਰਾਂ ਨੇ ਸਹੁੰ ਚੁੱਕ ਲਈ ਹੈ ਪਰ ਖਡੂਰ ਸਾਹਿਬ ਤੋਂ ਆਜ਼ਾਦ ਉਮੀਦਵਾਰ ਵਜੋਂ ਜਿੱਤੇ ਭਾਈ ਅੰਮ੍ਰਿਤਪਾਲ ਸਿੰਘ ਸਹੁੰ ਨਹੀਂ ਚੁੱਕ ਸਕੇ। ਅਹਿਮ ਗੱਲ ਹੈ ਕਿ ਭਾਈ ਅੰਮ੍ਰਿਤਪਾਲ ਸਿੰਘ ਸਹੁੰ ਚੁੱਕਣ ਲਈ ਆਵਾਜ਼ ਮਾਰੀ ਗਈ ਪਰ ਉਹ ਨਹੀਂ ਪਹੁੰਚ ਸਕੇ ਕਿਉਂਕਿ ਉਹ ਜੇਲ੍ਹ ਵਿੱਚ ਬੰਦ ਹਨ, ਪਰ ਨਿਯਮਾਂ ਅਨੁਸਾਰ ਪ੍ਰੋਟਮ ਸਪੀਕਰ ਨੇ ਅੰਮ੍ਰਿਤਪਾਲ ਸਿੰਘ ਨੂੰ ਸਹੁੰ ਚੁਕਾਉਣ ਲਈ ਆਵਾਜ਼ ਦਿੱਤੀ। ਜਦੋਂ ਸੰਸਦ ਵਿੱਚ ਉਨ੍ਹਾਂ ਦੀ ਮੌਜੂਦਗੀ ਨਜ਼ਰ ਨਹੀਂ ਆਈ ਤਾਂ ਅਗਲੇ ਸੰਸਦ ਮੈਂਬਰ ਦਾ ਨਾਂਅ ਲਿਆ ਗਿਆ। ਹੁਣ ਸਵਾਲ ਇਹ ਉੱਠਦਾ ਹੈ ਕਿ ਜਦੋਂ ਅੰਮ੍ਰਿਤਪਾਲ ਸਿੰਘ ਜੇਲ੍ਹ ਵਿੱਚ ਹੈ ਤਾਂ ਪ੍ਰੋਟਮ ਸਪੀਕਰ ਨੇ ਉਸ ਦਾ ਨਾਂਅ ਕਿਉਂ ਲਿਆ? ਆਖ਼ਰਕਾਰ, ਸੰਸਦ ਮੈਂਬਰਾਂ ਦੀ ਸਹੁੰ ਬਾਰੇ ਕੀ ਨਿਯਮ ਹਨ ? ਦਰਅਸਲ ਸੋਮਵਾਰ ਨੂੰ ਜਦੋਂ ਸੰਸਦ ਦਾ ਸੈਸ਼ਨ ਸ਼ੁਰੂ ਹੋਇਆ ਤਾਂ ਸਭ ਤੋਂ ਪਹਿਲਾਂ ਪ੍ਰਧਾਨ ਮੰਤਰੀ ਮੋਦੀ ਨੇ ਸਹੁੰ ਚੁੱਕੀ। ਸੰਸਦ ਸੈਸ਼ਨ ਦੇ ਪਹਿਲੇ ਦੋ ਦਿਨਾਂ ਦਾ ਪ੍ਰੋਗਰਾਮ ਮੈਂਬਰਾਂ ਨੂੰ ਸਹੁੰ ਚੁਕਾਉਣਾ ਹੈ। ਪਹਿਲੇ ਦਿਨ ਯਾਨੀ ਸੋਮਵਾਰ ਨੂੰ ਕਰੀਬ 280 ਸੰਸਦ ਮੈਂਬਰਾਂ ਨੇ ਸਹੁੰ ਚੁੱਕੀ। ਬਾਕੀ ਦੇ ਸੰਸਦ ਮੈਂਬਰ ਨੇ ਮੰਗਲਵਾਰ ਨੂੰ ਸਹੁੰ ਚੁੱਕੀ। ਹੁਣ ਸਵਾਲ ਇਹ ਉੱਠਦਾ ਹੈ ਕਿ, ਕੀ ਸੰਸਦ ਮੈਂਬਰਾਂ ਦੀ ਸਹੁੰ ਚੁੱਕਣ ਲਈ ਕੋਈ ਨਿਯਮ ਹਨ ? ਕੀ ਕੋਈ ਵੀ ਸੰਸਦ ਮੈਂਬਰ ਕਿਸੇ ਵੀ ਸਮੇਂ ਸਹੁੰ ਚੁੱਕ ਸਕਦਾ ਹੈ ? ਕੀ ਸੱਤਾਧਾਰੀ ਪਾਰਟੀ ਦੇ ਸੰਸਦ ਮੈਂਬਰ ਪਹਿਲਾਂ ਤੇ ਵਿਰੋਧੀ ਧਿਰ ਦੇ ਸੰਸਦ ਮੈਂਬਰ ਬਾਅਦ ਵਿੱਚ ਸਹੁੰ ਚੁੱਕਣਗੇ ? ਇੱਥੇ ਇਹ ਦੱਸਣਾ ਜ਼ਰੂਰੀ ਹੈ ਕਿ ਲੋਕ ਸਭਾ ਮੈਂਬਰਾਂ ਵੱਲੋਂ ਸੰਸਦ ਵਿੱਚ ਚੁੱਕੀ ਸਹੁੰ ਦੇ ਵੀ ਆਪਣੇ ਨਿਯਮ ਹੁੰਦੇ ਹਨ।



**ਸੰਸਦ ਮੈਂਬਰਾਂ ਦੀ ਸਹੁੰ ਦੇ ਨਿਯਮ ਕੀ ਹਨ ?**

ਨਿਯਮਾਂ ਮੁਤਾਬਕ, ਜਦੋਂ ਸੰਸਦ ਦੀ ਕਾਰਵਾਈ ਸ਼ੁਰੂ ਹੁੰਦੀ ਹੈ ਤਾਂ ਸਭ ਤੋਂ ਪਹਿਲਾਂ ਪ੍ਰਧਾਨ ਮੰਤਰੀ ਨੂੰ ਲੋਕ ਸਭਾ ਮੈਂਬਰ ਵਜੋਂ ਸਹੁੰ ਚੁਕਾਈ ਜਾਂਦੀ ਹੈ। ਪ੍ਰਧਾਨ ਮੰਤਰੀ ਦੀ ਸਹੁੰ ਚੁੱਕਣ ਤੋਂ ਬਾਅਦ ਕੇਂਦਰੀ ਮੰਤਰੀ ਮੰਡਲ ਦੇ ਮੈਂਬਰਾਂ ਨੂੰ ਸਹੁੰ ਚੁਕਾਈ ਜਾਂਦੀ ਹੈ। ਇਸ ਤੋਂ ਬਾਅਦ ਕੇਂਦਰੀ ਰਾਜ ਮੰਤਰੀਆਂ ਦੀ ਵਾਰੀ ਆਉਂਦੀ ਹੈ। ਜਦੋਂ ਮੰਤਰੀਆਂ ਨੂੰ ਸਹੁੰ ਚੁਕਾਈ ਜਾਂਦੀ ਹੈ ਤਾਂ ਸੰਸਦ ਮੈਂਬਰਾਂ ਦੀ ਵਾਰੀ ਆਉਂਦੀ ਹੈ। ਹਾਲਾਂਕਿ, ਸੰਸਦ ਮੈਂਬਰਾਂ ਦੇ ਸਹੁੰ ਚੁੱਕਣ ਦੇ ਸਬੰਧ ਵਿੱਚ ਵਰਣਮਾਲਾ ਦੇ ਨਿਯਮਾਂ ਦੀ ਪਾਲਣਾ ਕੀਤੀ ਜਾਂਦੀ ਹੈ। ਹਾਂ, ਲੋਕ ਸਭਾ ਮੈਂਬਰ ਵਜੋਂ ਸਹੁੰ ਚੁੱਕਣ ਲਈ, ਨਾਮ ਦੇ ਆਧਾਰ 'ਤੇ ਰਾਜ-ਵਾਰ ਸਹੁੰ ਚੁਕਾਈ ਜਾਂਦੀ ਹੈ। ਆਓ ਇਸ ਨੂੰ ਇੱਕ ਉਦਾਹਰਣ ਨਾਲ ਸਮਝਣ ਦੀ ਕੋਸ਼ਿਸ਼ ਕਰੀਏ। ਸਭ ਤੋਂ ਪਹਿਲਾਂ ਸੂਬੇ ਦੇ ਉਨ੍ਹਾਂ ਸੰਸਦ ਮੈਂਬਰਾਂ ਨੂੰ ਸਹੁੰ ਚੁਕਾਈ ਜਾਂਦੀ ਹੈ, ਜਿਸ ਸੂਬੇ ਦਾ ਨਾਂਅ 'ਏ' ਨਾਲ ਸ਼ੁਰੂ ਹੁੰਦਾ ਹੈ। ਫਿਰ ਸੂਬੇ ਵਿੱਚੋਂ ਜਿਸ ਉਮੀਦਵਾਰ ਦਾ ਨਾਂਅ 1 ਨਾਲ ਸ਼ੁਰੂ ਹੁੰਦਾ ਹੈ ਉਸ ਨੂੰ ਸਹੁੰ ਚੁੱਕਣ ਲਈ ਸੱਦਿਆ ਜਾਂਦਾ ਹੈ। ਮੰਗਲਵਾਰ ਨੂੰ ਜਦੋਂ ਪ੍ਰੋਟਮ ਸਪੀਕਰ ਨੇ ਪੰਜਾਬ ਦੇ ਸੰਸਦ ਮੈਂਬਰਾਂ ਨੂੰ ਸਹੁੰ ਚੁਕਾਉਣ ਦੀ ਪ੍ਰਕਿਰਿਆ ਸ਼ੁਰੂ ਕੀਤੀ ਤਾਂ ਸਭ ਤੋਂ ਪਹਿਲਾਂ ਨਾਂਅ ਅੰਮ੍ਰਿਤਪਾਲ ਦਾ ਆਇਆ. ਅੰਮ੍ਰਿਤਪਾਲ ਦਾ ਨਾਂ 'ਏ' ਨਾਲ ਸ਼ੁਰੂ ਹੁੰਦਾ ਹੈ। ਇਸੇ ਲਈ ਅੰਮ੍ਰਿਤਪਾਲ ਸਿੰਘ ਦਾ ਨਾਂਅ ਸਭ ਤੋਂ ਪਹਿਲਾਂ ਲਿਆ ਗਿਆ। ਅੰਮ੍ਰਿਤਪਾਲ ਤੋਂ ਬਾਅਦ ਚਰਨਜੀਤ ਸਿੰਘ ਚੰਨੀ ਦਾ ਨਾਂ ਲਿਆ ਗਿਆ। ਅਜਿਹਾ ਇਸ ਲਈ ਕਿਉਂਕਿ ਅੰਮ੍ਰਿਤਪਾਲ ਦੇ 'ਏ' ਤੋਂ ਬਾਅਦ ਚਰਨਜੀਤ ਦਾ 'ਸੀ' ਆਉਂਦਾ ਹੈ।

## ਟਾਈਮਜ਼ ਸਕੁਏਅਰ 'ਚ ਲੱਗਾ ਵਿਰਾਟ ਕੋਹਲੀ ਦਾ ਬੁੱਤ

**ਨਿਊਯਾਰਕ, 25 ਜੂਨ (ਆਵਾਜ਼ਿ ਕੌਮ ਬਿਊਰੋ)**- ਨਿਊਯਾਰਕ ਦੇ ਟਾਈਮਜ਼ ਸਕੁਏਅਰ ਵਿਚ ਵਿਰਾਟ ਕੋਹਲੀ ਦੇ ਬੁੱਤ ਦਾ ਉਦਘਾਟਨ ਕੀਤਾ ਗਿਆ ਹੈ। ਚੱਲ ਰਹੇ ਟੀ-20 ਵਿਸ਼ਵ ਕੱਪ 2024 'ਚ ਵਿਰਾਟ ਕੋਹਲੀ ਦੇ ਨਾਂ ਦੀ ਚਰਚਾ ਵੈਸਟਇੰਡੀਜ਼ ਦੇ ਨਾਲ-ਨਾਲ ਟੂਰਨਾਮੈਂਟ ਦੇ ਸਹਿ ਮੇਜ਼ਬਾਨ ਅਮਰੀਕਾ 'ਚ ਵੀ ਹੋ ਰਹੀ ਹੈ। ਟੀਮ ਇੰਡੀਆ ਦੇ ਸਟਾਰ ਬੱਲੇਬਾਜ਼ ਵਿਰਾਟ ਕੋਹਲੀ ਮੌਜੂਦਾ ਟੀ-20 ਵਿਸ਼ਵ ਕੱਪ 2024 ਵਿੱਚ ਭਾਰਤੀ ਟੀਮ ਦਾ ਹਿੱਸਾ ਹੈ। ਕੋਹਲੀ ਦੁਨੀਆ ਦੇ ਸਭ ਤੋਂ ਮਸ਼ਹੂਰ ਐਥਲੀਟਾਂ ਵਿੱਚੋਂ ਇੱਕ ਹੈ ਅਤੇ ਪਿਛਲੇ ਡੇਢ ਦਹਾਕੇ ਤੋਂ ਕ੍ਰਿਕਟ ਜਗਤ 'ਤੇ ਦਬਦਬਾ ਕਾਇਮ ਕੀਤਾ ਹੋਇਆ ਹੈ। ਸਾਬਕਾ ਭਾਰਤੀ ਕਪਤਾਨ ਨੂੰ ਉਸ ਦੀ ਨਿਰੰਤਰਤਾ ਅਤੇ ਸਾਲਾਂ ਦੌਰਾਨ ਆਪਣੇ ਨਾਮ 'ਤੇ ਰਿਕਾਰਡਾਂ ਦੀ ਬਹੁਤਾਤ ਲਈ ਅਕਸਰ 'ਕਿੰਗ' ਵੀ ਕਿਹਾ ਜਾਂਦਾ ਹੈ। ਟੀ-20 ਵਿਸ਼ਵ ਕੱਪ 2024 ਤੋਂ ਪਹਿਲਾਂ, ਵਿਰਾਟ ਕੋਹਲੀ ਦੇ ਨਾਂ ਦੀ ਚਰਚਾ ਅਮਰੀਕਾ, ਵੈਸਟਇੰਡੀਜ਼ ਦੇ ਨਾਲ-ਨਾਲ ਟੂਰਨਾਮੈਂਟ ਦੇ ਸਹਿ ਮੇਜ਼ਬਾਨ ਅਮਰੀਕਾ ਵਿੱਚ ਵੀ ਹੋ ਰਹੀ ਹੈ। ਜ਼ਿਕਰਯੋਗ ਹੈ ਕਿ ਵਿਰਾਟ ਕੋਹਲੀ ਇੱਕ ਗਲੋਬਲ ਕ੍ਰਿਕੇਟ ਆਈਕਨ ਹੈ, ਸੰਯੁਕਤ ਰਾਜ ਅਮਰੀਕਾ ਵਿੱਚ ਵੱਕਾਰੀ ਟੂਰਨਾਮੈਂਟ ਲਈ ਉਤਸ਼ਾਹ ਨੂੰ ਵਧਾਉਣ ਲਈ ਕਈ ਪ੍ਰਚਾਰ ਮੁਹਿੰਮਾਂ ਵਿੱਚ ਉਸ ਦੇ ਨਾਮ ਦੀ ਵਰਤੋਂ ਕੀਤੀ ਗਈ ਸੀ। ਸੋਸ਼ਲ ਮੀਡੀਆ 'ਤੇ ਵਾਇਰਲ ਹੋਈ ਇੱਕ ਵੀਡੀਓ ਵਿੱਚ, ਵਿਰਾਟ ਕੋਹਲੀ ਦੇ ਬੁੱਤ ਨੂੰ ਅਮਰੀਕਾ ਦੀ ਵਿੱਤੀ ਰਾਜਧਾਨੀ ਵਿੱਚ ਵਿਅਸਤ ਆਈਕੋਨਿਕ ਟਾਈਮਜ਼ ਸਕੁਆਇਰ ਨਿਊਯਾਰਕ ਦੇ ਵਿਚਕਾਰ ਉਸਦੇ ਬੱਲੇ ਨਾਲ ਖੜ੍ਹਾ ਦੇਖਿਆ ਜਾ ਸਕਦਾ ਹੈ। ਵੱਡੀ ਮੂਰਤੀ ਇੱਕ ਗੱਦਿਆਂ ਦੀ ਕੰਪਨੀ ਦੁਆਰਾ ਪ੍ਰਚਾਰ ਮੁਹਿੰਮ ਦਾ ਹਿੱਸਾ ਹੈ, ਜਿਸ ਨਾਲ ਵਿਰਾਟ ਕੋਹਲੀ ਬ੍ਰਾਂਡ ਅੰਬੈਸਡਰ ਵਜੋਂ ਜੁੜੇ ਹੋਏ ਹਨ। ਮੂਰਤੀ ਨੂੰ ਉਨ੍ਹਾਂ ਦੇ ਗੱਦਿਆਂ ਦੁਆਰਾ ਪ੍ਰਦਾਨ ਕੀਤੇ ਗਏ ਆਰਾਮ ਅਤੇ ਆਰਾਮ ਨੂੰ ਉਜਾਗਰ ਕਰਨ ਲਈ ਬਣਾਇਆ ਗਿਆ ਸੀ, ਜੋ ਕਿ ਕੋਹਲੀ ਦੀ ਗੁਣਵੱਤਾ ਵਾਲੀ ਨੀਂਦ ਦੇ ਸਮਰਥਨ ਦਾ ਪ੍ਰਤੀਕ ਹੈ ਅਤੇ ਇਹ ਵੀਡੀਓ ਇਸ ਗੱਦਿਆ ਦੀ ਕੰਪਨੀ ਨੇ ਸ਼ੇਅਰ ਕੀਤੀ ਸੀ।




Nankana Sahib Yatra Committe Uk
pakistan gurdwara yatra
6th november to 16th november 2024
yatra includes 25+ gurudwara sahib
darshan .Accommodation in hotels
and travel within pakistan and yatra
start to finish point in AC coaches
ਪਾਕਿਸਤਾਨ
ਵਿਖੇ ਸ੍ਰੀ ਨਨਕਾਣਾ
ਸਾਹਿਬ ਤੋਂ ਇਲਾਵਾ 25 ਹੋਰ
ਗੁਰਦੁਆਰਾ ਸਾਹਿਬਾਨ ਦੇ ਦਰਸ਼ਨ
£1095
Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.
Note: It does not include flight ticket and insurance, it has to be done by the passenger himself.
ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ ।ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।
ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।
*-- ਗੁਰੂ ਪੰਥ ਦੇ ਸੇਵਾਦਾਰ --*
ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK
• ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
+447976210161
• ਭਾਈ ਬਲਜੀਤ ਸਿਘ ਕੰਗ/Bhai Baljit Singh Kang
+44 7780 605230
• ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
+44 7568 517223

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ ਪਿੰਡ ਰੋਡੇ 2.6.1947 Birth Pind Rode

ਸ਼ਹੀਦੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ 6.6.1984 Shaheedi Sri Darbar Sahib Amritsar



www.damdamitaksal.net

Physical death i do not fear death of conscience is a sure death

Sant Jarnail Singh Ji Khalsa Bhindranwale

www.damdamitaksal.net





ਨਾਮ ਜਪੋ ਕਿਰਤ ਕਰੋ ਵੰਡ ਛਕੋ — Naam Japo Kirat Karo Vand Shako

ਦਮਦਮੀ ਟਕਸਾਲ ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥ WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ

Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ

Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ

Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ

Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ ’ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

# ਕਰਨੈਲ ਸਿੰਘ ਪੀਰਮੁਹੰਮਦ ਨੇ ਸੁਖਬੀਰ ਸਿੰਘ ਬਾਦਲ ਨਾਲ ਮੁਲਾਕਾਤ ਕਰਕੇ ਆਪਣੇ ਵਿਦੇਸ ਵੱਸਦੇ ਸਿੱਖਾ ਅਤੇ ਪੰਜਾਬੀਆ ਦੇ ਵਿਚਾਰਾ ਤੋ ਜਾਣੂ ਕਰਵਾਇਆ

**ਚੰਡੀਗੜ੍ਹ, 25 ਜੂਨ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੇ ਜਰਨਲ ਸਕੱਤਰ ਅਤੇ ਬੁਲਾਰੇ ਸ੍ਰ ਕਰਨੈਲ ਸਿੰਘ ਪੀਰਮੁਹੰਮਦ ਨੇ ਅੱਜ ਸਵੇਰੇ ਪਾਰਟੀ ਹੈਡਕੁਆਰਟਰ ਤੇ ਸ੍ਰ ਸੁਖਬੀਰ ਸਿੰਘ ਬਾਦਲ ਨਾਲ ਮੁਲਾਕਾਤ ਕੀਤੀ ਇਸ ਮੌਕੇ ਪਾਰਟੀ ਦੇ ਸਕੱਤਰ ਜਨਰਲ ਸ੍ਰ ਬਲਵਿੰਦਰ ਸਿੰਘ ਭੂੰਦੜ ਵਿਸੇਸ਼ ਤੌਰ ਤੇ ਹਾਜਰ ਸਨ। ਸ੍ਰ ਕਰਨੈਲ ਸਿੰਘ ਪੀਰਮੁਹੰਮਦ ਨੇ ਸ੍ਰ ਸੁਖਬੀਰ ਸਿੰਘ



ਆਵਾਜ਼ਿ ਕੌਮ AWAZE QAUM International Newspaper & WEB TV

ਬਾਦਲ ਨੂੰ ਇੰਗਲੈਂਡ ਵੱਸਦੇ ਸਿੱਖਾ ਪੰਜਾਬੀਆ ਤੇ ਪਾਰਟੀ ਦੇ ਹਿਤੈਸੀਆ ਦਾ ਸੁਨੇਹਾ ਦਿੱਤਾ ਕਿ ਪਾਰਟੀ ਪ੍ਰਤੀ ਵਿਦੇਸ਼ ਵੱਸਦੇ ਲੋਕ ਕੀ ਮਹਿਸੂਸ ਕਰਦੇ ਹਨ। ਇਸ ਤੋ ਇਲਾਵਾ ਉਹਨਾਂ ਨੇ ਕੁੱਝ ਅਹਿਮ ਸੁਝਾਅ ਵੀ ਦਿੱਤੇ ਜਿੰਨਾ ਵਿੱਚ ਕੁੱਝ ਐਸੇ ਸਲਾਹਕਾਰਾ ਦਾ ਉਹਨਾਂ ਜਿਕਰ ਕੀਤਾ ਜੋ ਸਮੇ ਸਿਰ ਸਹੀ ਸਲਾਹ ਦੇਣ ਦੀ ਜਗਾ ਆਪਣੇ ਨਿੱਜੀ ਹਿੱਤਾ ਨੂੰ ਅੱਗੇ ਰੱਖਦੇ ਹਨ ਇਸ ਤੋ ਇਲਾਵਾ ਉਹ ਪੰਥਕ ਧਾਰਾ ਪ੍ਰਤੀ ਬੇਸਮਝ ਹਨ। ਸ੍ਰ ਕਰਨੈਲ ਸਿੰਘ ਪੀਰਮੁਹੰਮਦ ਨੇ ਪਾਰਟੀ ਪ੍ਰਧਾਨ ਨੂੰ ਕੌਰ ਕਮੇਟੀ ਵਿੱਚ ਵੀ ਵੱਡੇ ਬਦਲਾਅ ਦੀ ਮੰਗ ਕੀਤੀ ਉਹਨਾਂ ਦਾ ਕਹਿਣਾ ਸੀ ਕਿ ਇਸ ਤਰਾ ਦੀ ਕੌਰ ਕਮੇਟੀ ਦੇ ਕੁੱਝ ਮੈਬਰ ਪਾਰਟੀ ਦਾ ਬੇਹੱਦ ਨੁਕਸਾਨ ਕਰ ਚੁੱਕੇ ਹਨ ਤੇ ਭਵਿੱਖ ਵਿੱਚ ਵੀ ਕਰਨਗੇ ਜੋ ਫੈਸਲਾ ਲੈਣ ਸਮੇ ਮੂਕ ਦਰਸ਼ਕ ਬਣ ਕੇ ਹਰ ਮਸਲੇ ਤੇ ਦਲੀਲਪੂਰਵਕ ਰਾਏ ਦੇਣ ਦੀ ਜਗਾ ਉਥੇ ਪੂਰਨ ਸਹਿਮਤੀ ਪ੍ਰਗਟ ਕਰਦੇ ਹਨ ਤੇ ਬਾਹਰ ਆਕੇ ਜਦ ਸਹੀ ਨਤੀਜੇ ਨਹੀ ਆਉਦੇ ਤੇ ਫਿਰ ਕਹਿ ਦਿੰਦੇ ਨੇ ਅਸਾ ਤਾ ਕੋਰ ਕਮੇਟੀ ਵਿੱਚ ਕਿਹਾ ਸੀ। ਉਹਨਾਂ ਇਹ ਵੀ ਕਿਹਾ ਕਿ ਤੁਸੀ ਪੰਥ ਦੀਆ ਪੰਜ ਮਾਇਆਨਾਜ ਹਸਤੀਆ ਦੀ ਸਲਾਹ ਲੈਕੇ ਸ੍ਰੀ ਅਕਾਲ ਤਖਤ ਸਾਹਿਬ ਅੰਮ੍ਰਿਤਸਰ ਸਾਹਿਬ ਦੇ ਸਨਮੁੱਖ ਪੇਸ ਹੋਕੇ ਪੰਥਕ ਵਿਧੀ ਵਿਧਾਨ ਮੁਤਾਬਿਕ ਖਿਮਾ ਜਾਚਨਾ ਕਰਨ ਵਿੱਚ ਦੇਰੀ ਨਾ ਕਰਨ ਸੰਪੂਰਨ ਮੁਆਫੀ ਮੰਗਣ ਨਾਲ ਉਹਨਾਂ ਦਾ ਕੱਦ ਵਧੇਗਾ ਤੇ ਰੁੱਸਿਆ ਹੋਇਆ ਹਰੇਕ ਪੰਥ ਹਿਤੈਸੀ ਮੁੜ ਪੰਥ ਨਾਲ ਜੁੜੇਗਾ।


24 SERVICE EVERYDAY HOURS

PURE AND NATURAL 100% VEGETARIAN PURE AND NATURAL

Enjoy Real Taste of PUNJAB

KD

FULLY A.C. HALL

Khehra VAISHNO DHABA

BREAKFAST LUNCH DINNER

OUR SPECIALIZATION : Au Important Ingredients used to Prepare Dishes are Grown in our own farmes.

Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment



ਪੰਜਾਬੀ

ਸਿੱਖੋ ਬੋਲੋ ਪੜ੍ਹੋ ਲਿਖੋ

ੳ ਅ ੲ ਸ ਹ
ਕ ਖ ਗ ਘ ਙ
ਚ ਛ ਜ ਝ ਞ
ਟ ਠ ਡ ਢ ਣ
ਤ ਥ ਦ ਧ ਨ
ਪ ਫ ਬ ਭ ਮ
ਯ ਰ ਲ ਵ ੜ
ਸ਼ ਖ਼ ਗ਼ ਜ਼ ਫ਼ ਲ਼

ਮੁਕਤਾ, ਕੰਨਾ, ਸਿਹਾਰੀ, ਬਿਹਾਰੀ, ਔਂਕੜ, ਦੁਲੈਂਕੜ, ਲਾਂ, ਦੁਲਾਵਾਂ, ਹੋੜਾ, ਕਨੌੜਾ, ਟਿੱਪੀ, ਕੰਨਾ–ਬਿੰਦੀ

www.damdamitaksal.net

੧ ੨ ੩ ੪ ੫ ੬ ੭ ੮ ੯ ੧੦

Love Maa Boli Punjabi

www.damdamitaksal.net

Learn Speak Read Write PUNJABI


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਧੰਨ–ਧੰਨ ਮਾਤਾ ਸਾਹਿਬ ਕੌਰ ਜੀ
ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੀ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470


ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
✚ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜ਼ਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446


ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote




ਵਾਹਿਗੁਰੂ ਜੀ ਕਾ ਖਾਲਸਾ ।
ਵਾਹਿਗੁਰੂ ਜੀ ਕੀ ਫ਼ਤਹਿ ॥





## ਧੰਨ ਧੰਨ ਬਾਬਾ ਦਾਸਾ ਜੀ ਦੇ 70ਵੇਂ ਸਲਾਨਾ ਜੋੜ-ਮੇਲੇ ਦੀ ਮਿੱਠੀ ਯਾਦ ਵਿਚ ਪਿੰਡ ਸਲੇਮਪੁਰ ਮਸੰਦਾਂ ਦੀ ਸਮੂੰਹ ਸਾਧ ਸੰਗਤ ਵਲੋਂ ਗੁਰੂ ਨਾਨਕ ਗੁਰਦੁਆਰਾ ਵਾਲਸਾਲ ਰੋਡ ਵਿਲਨਹਾਲ ਵਿਖੇ

# ਧਾਰਮਿਕ ਸਮਾਗਮ 30 ਜੂਨ 2024, ਦਿਨ ਐਤਵਾਰ

ਗੁਰੂ ਪਿਆਰੀ ਸਾਧ ਸੰਗਤ ਜੀਓ, ਧੰਨ ਧੰਨ ਬਾਬਾ ਦਾਸਾ ਜੀ ਦੇ 70ਵੇਂ ਸਲਾਨਾ ਜੋੜ-ਮੇਲੇ ਦੀ ਮਿੱਠੀ ਯਾਦ ਵਿੱਚ ਪਿੰਡ ਸਲੇਮਪੁਰ ਮਸੰਦਾਂ ਦੀ ਸਾਧ ਸੰਗਤ ਦੇ ਸਹਿਯੋਗ ਨਾਲ 30 ਜੂਨ 2024 ਦਿਨ ਐਤਵਾਰ ਨੂੰ ਧਾਰਮਿਕ ਸਮਾਗਮ ਕਰਵਾਏ ਜਾ ਰਹੇ ਹਨ। ਸੋ ਸਮੂੰਹ ਸਾਧ ਸੰਗਤ ਅਤੇ ਪਿੰਡ ਸਲੇਮਪੁਰ ਮਸੰਦਾਂ ਦੇ ਨਗਰ ਨਿਵਾਸੀਆਂ ਨੂੰ ਨਿਮਰਤਾ ਸਹਿਤ ਬੇਨਤੀ ਹੈ ਕਿ ਸਮਾਗਮ ਦੀ ਰੌਣਕ ਵਧਾਉਣ ਲਈ ਪਰਿਵਾਰਾਂ ਸਮੇਤ ਸ਼ਾਮਲ ਹੋ ਕੇ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ।

### --✶ ਪ੍ਰੋਗਰਾਮ ✶--

☛ ਆਰੰਭ ਸ੍ਰੀ ਆਖੰਡਪਾਠ ਸਾਹਿਬ ਦਿਨ ਸ਼ੁਕਰਵਾਰ 28 ਜੂਨ 2024 ਸਵੇਰੇ 9:00 ਵਜੇ

☛ ਭੋਗ ਸ੍ਰੀ ਆਖੰਡਪਾਠ ਸਾਹਿਬ ਦਿਨ ਐਤਵਾਰ 30 ਜੂਨ 2024 ਸਵੇਰੇ 10 ਵਜੇ

☛ ਉਪਰੰਤ ਭਾਰੀ ਦੀਵਾਨ ਸਜਾਏ ਜਾਣਗੇ, ਜਿਸ ਵਿੱਚ ਗੁਰਬਾਣੀ ਕੀਰਤਨ (11.00 ਵਜੇ ਸਵੇਰੇ) ਅਤੇ ਕਥਾ ਦੁਆਰਾ ਜਥੇ ਸੰਗਤਾਂ ਨੂੰ ਨਿਹਾਲ ਕਰਨਗੇ

☛ ਤਿੰਨੋਂ ਦਿਨ ਗੁਰੂ ਕਾ ਲੰਗਰ ਅਤੁੱਟ ਵਰਤੇਗਾ

"WAHEGURU JI HA KHALSA
WAHEGURU JI HI FATEH"
On the special occasion of
DHAN DHAN BABA DASSA JI'S
70TH ANNUAL MELA
AKHAND PATH SAHIB
at
Guru Nanak Sikh Gurudwara Sahib
65-67 Walsall Rd, Willenhall
WV13 2RD,
United Kingdom

*Your presence is requested to attend as per programme*
*DATES: 28th June 2024 to 30th June 2024*
*28th June*
*Arambh Sri Akhand Path Sahib:9:00am*
*30th June*
*Bhog Sri Akhand Path Sahib: 10:00am*
*Kirtan: 11:00am*
*Langar: After kirtan*
*FROM:*
*ALL SANGAT OF SALEMPUR MASSANDAN*

ਗੁਰਦੁਆਰਾ ਸਾਹਿਬ ਦਾ ਪਤਾ : **Guru Nanak Gurdawara, 65-67 Walsall Road, Willenhall, WV 13 2RD**

**ਬੇਨਤੀ ਕਰਤਾ : ਇੰਗਲੈਂਡ ਨਿਵਾਸੀ ਸਾਧ ਸੰਗਤ, ਪਿੰਡ ਸਲੇਮਪੁਰ ਮਸੰਦਾਂ ਜ਼ਿਲ੍ਹਾ ਜਲੰਧਰ (ਪੰਜਾਬ)**

30 ਜੂਨ, ਦਿਨ ਐਤਵਾਰ ਨੂੰ ਪ੍ਰੋਗਰਾਮ ਦਾ ਲਾਈਵ ਪ੍ਰਸਾਰਣ ਦੁਨੀਆਂ ਭਰ ਵਿੱਚ ਆਵਾਜ਼ਿ ਕੌਮ ਵੈੱਬ ਟੀ. ਵੀ. 'ਤੇ ਦੇਖਿਆ ਜਾ ਸਕਦਾ ਹੈ।

ਆਵਾਜ਼ਿ ਕੌਮ AWAZE QAUM WEB TV


HAYES PLANT HIRE
WE TRAIN YOU GAIN
NPORS ACCREDITED
Telescopic Handler
Excavator 360
Road Roller
Forward Tipping Dumper
Tractor
Dozer
Plant Training and Testing on All
CATEGORIES OF
MACHINERY.
Dump Truck
HAYES PLANT HIRE
ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ
NROPS Accredited
ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ
ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।
CONTACT- 07831543004
Hollis Farm, Clay Cross Chesterfield. S45 9BA
01246864370
ਆਵਾਜ਼ਿ ਕੌਮ AWAZE QAUM
International Newspaper & WEB TV
CALL US TO BOOK YOUR CSCS LEVEL ONE COURSE.
07715128621
077151-28621


ਸ੍ਰੀ ਅਕਾਲ ਸਹਾਇ
ਆਵਾਜ਼ਿ ਕੌਮ AWAZE QAUM International Newspaper & WEB TV
ਗੁਰੂ ਘਰ ਦੇ ਮਹਾਨ ਕੀਰਤਨੀਏ
ਭਾਈ ਭਗਵੰਤ ਸਿੰਘ ਜੀ ਢੀਂਡਸਾਂ ਵਾਲਿਆਂ ਦੀ
ਅੰਤਿਮ ਅਰਦਾਸ ਸਮਾਗਮ
26 ਜੂਨ ਦਿਨ ਬੁੱਧਵਾਰ 2024 ਸਮਾਂ: ਸਵੇਰੇ 10 ਵਜੇ ਤੋਂ 1 ਵਜੇ ਤੱਕ
ਸਥਾਨ:ਗੁ:ਡੇਰਾ ਬਾਬਾ ਰੱਬ ਜੀ ਪਿੰਡ ਆਲਮਪੁਰ ਨੇੜੇ ਕੌਲੀ ਪਟਿਆਲਾ
ਪਹੁੰਚਣ ਦੀ ਲੋਕੇਸ਼ਨ
ਬੇਨਤੀ ਕਰਤਾ - ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਸਮੂਹ ਸੰਤ ਸਮਾਜ ਪ੍ਰੀਵਾਰ ਅਤੇ ਸਾਥੀ ਸਿੰਘ
LIVE
You Tube
KHALSA RADIO
ਢੀਂਡਸਾ ਵਾਲੇ
As KHALSA ਗੁਰਮਤਿ TV
NSK TV
ਨਾਨਕਸਰ ਕਟੀਆ


ਸ੍ਰੀ ਅਕਾਲ ਤਖਤ ਸਾਹਿਬ (ਸ੍ਰੀ ਹਰਿਮੰਦਰ ਸਾਹਿਬ) ਉੱਤੇ ਹਿੰਦੁਸਤਾਨੀ ਹਕੂਮਤ ਵਲੋ ੪੦ ਸਾਲ ਪਹਿਲਾਂ ਹੋਏ ਹਮਲੇ ਅਤੇ ਜੂਨ ੧੯੮੪ ਦੇ ਘੱਲੂਘਾਰੇ ਦੇ ਸ਼ਹੀਦਾਂ ਦੀ ਯਾਦ ਵਿੱਚ
ਸ਼ਹੀਦੀ ਸਮਾਗਮ
ਗੁਰੂ ਨਾਨਕ ਗੁਰਦੁਆਰਾ ਵੁਲਵਰਹੈਂਪਟਨ (ਸੈਜਲੀ ਸਟਰੀਟ). WV2 3AJ ਵਿਖੇ
ਸਨਿਚਰਵਾਰ ੬ ਜੁਲਾਈ ਅਤੇ ਐਤਵਾਰ ੭ ਜੁਲਾਈ ੨੦੨੪ ਨੂੰ ਸ਼ਹੀਦੀ ਸਮਾਗਮ ਰੱਖੇ ਗਏ ਨੇ।
ਸਨਿਚਰਵਾਰ ੫ ਵਜੇ ਤੋਂ ੮:੩੦ ਵਜੇ ਤਕ (ਹਾਲ ੪)
ਐਤਵਾਰ ੧੧:੩੦ ਵਜੇ ਤੋਂ ੪ ਵਜੇ ਤਕ (ਮੇਨ ਹਾਲ)
ਵਲੋਂ: ਦਮਦਮੀ ਟਕਸਾਲ ਜਥਾ ਯੂਕੇ ਅਤੇ ਯੂਰਪ ਅਤੇ ਸਮੂਹ ਸਾਧ ਸੰਗਤ
ORGANISED BY: DAMDAMI TAKSAL UK & EUROPE AND SADH SANGAT
SHAHEEDI SMAGAM
IN REMEMBRANCE OF THE SHAHEEDS OF 1984
GURU NANAK GURDWARA | 191 DUNCAN ST, WOLVERHAMPTON WV2 3AJ
GIANI SATNAM SINGH JI DAMDAMI TAKSAL
GIANI NAVDEEP SINGH JI AJNALA
GIANI SUKHRAJ SINGH JI DAMDAMI TAKSAL
BHAI AMANDEEP SINGH JI SRI DARBAR SAHIB
BHAI MAHADEEP SINGH JI SRI DARBAR SAHIB
DHADI JATHA GIANI TARLOCHAN SINGH BHAMADI
BHAI BALDEV SINGH JI DAMDAMI TAKSAL
BHAI GURJEET SINGH JI DAMDAMI TAKSAL
BHAI SUKHJINDER SINGH
BHAI HARI SINGH JI
GIANI GURJINDER SINGH JI DAMDAMI TAKSAL
GIANI BALBIR SINGH DAMDAMI TAKSAL
DHADI RASAAL SINGH CHOLA SAHIB
SATURDAY 6TH (HALL 4)
5PM-8:30PM
SUNDAY 7TH (MAIN HALL)
11:30AM-4PM
AT GNG SEDGLEY STREET
BHAI HARJINDER SINGH JI 07956 007 161 | GIANI GURJINDER SINGH JI 07400 830 403
BHAI GURJIT SINGH JI 07508 943 570 | BHAI BHERVINDER SINGH JI 07985 246 484
DAMDAMI TAKSAL JATHA (UK & EUROPE)
SIKH INSPIRE
1984
ਸਚਖੰਡ ਵਾਸੀ ਸੰਤ ਬਾਬਾ ਠਾਕੁਰ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਕਾਰਜਕਾਰੀ ਮੁਖੀ ਦਮਦਮੀ ਟਕਸਾਲ ਦੇ ਅਸ਼ੀਰਵਾਰ ਸਦਕਾ
ਆਵਾਜ਼ਿ ਕੌਮ AWAZE QAUM
International Newspaper & WEB TV


ਦਮਦਮੀ ਟਕਸਾਲ
ਹਰਿਰਾਇ
ਦਮਦਮੀ ਟਕਸਾਲ ਵੱਲੋ
ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸ਼ੁਧ ਪਾਠ ਬੋਧ ਸਮਾਗਮ
ਅਰੰਭ 20 July 2024 ਤੋ 18 August 2024 ਤੱਕ
ਭਾਗ ਲੈਣ ਵਾਲੇ ਗੁਰਸਿੱਖਾਂ ਨੂੰ ਬੇਨਤੀ ਹੈ ਕੇ ਚਿੱਟੇ ਹਜੂਰੀਏ ਲਿਓਣ ਦੀ ਕਿਰਪਾਲਤਾ ਕਰਨ । ਸੋਮਵਾਰ ਤੋ ਸ਼ੁਕਰਵਾਰ ਸਮਾ 6pm ਤੋ 9pm । ਸ਼ਨੀਵਾਰ ਤੇ ਐਤਵਾਰ ਸਮਾ 2pm ਤੋ 3.30pm ਅਤੇ 4pm ਤੋ 6pm । ਦਮਦਮੀ ਟਕਸਾਲ ਦੇ facebook page, youtube channel ਅਤੇ sangat tv ਤੇ ਸਿਧਾ ਪ੍ਰਸਾਰਨ ਕੀਤਾ ਜਾਵੇਗਾ । ਵਧੇਰੇ ਜਾਣਕਾਰੀ ਲਈ ਹੇਠ ਲਿਖੇ ਨੰਬਰਾਂ ਤੇ ਸੰਪਰਕ ਕਰੋ ।
GURDWARA SRI GUR HAR RAI SAHIB JI
128 HIGH STREET, WEST BROMWICH (IN UNIT), UK
07454 023 665
07940 368926
07478 804 044


ਅੰਮ੍ਰਿਤ ਛਕੋ
ਸ੍ਰੀ ਅਕਾਲ ਸਹਾਇ
ਸਿੰਘ ਸਜੋ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ
ਗੁਰਮਤਿ ਸਿਖਲਾਈ ਕੈਂਪ- 2024
ਮਿਤੀ 2 ਜੂਨ ਤੋਂ 30 ਜੂਨ ਤੱਕ ਰੋਜ਼ਾਨਾ
ਗੁਰਦੁਆਰਾ ਗੁਰੂ ਨਾਨਕ ਪੁਰਾ ਨਾਰਨੌਲ - ਸਵੇਰੇ 09:00 ਤੋਂ 11:00 ਵਜੇ ਤੱਕ
ਗੁਰਦੁਆਰਾ ਕਿਰਾਰੋਦ ਨਾਰਨੌਲ - ਸ਼ਾਮ 05:00 ਤੋਂ 07:00 ਵਜੇ ਤੱਕ
ਇਸ ਕੈਂਪ ਵਿੱਚ ਪੰਜਾਬੀ ਭਾਸ਼ਾ ਦਾ ਗਿਆਨ, ਸਿੱਖ ਧਰਮ ਦੀ ਮੁਢਲੀ ਜਾਣਕਾਰੀ, ਗੁਰਬਾਣੀ ਦਾ ਸ਼ੁੱਧ ਉਚਾਰਣ ਅਤੇ ਗੁਰਮੁਖੀ ਲਿਪੀ ਦੀ ਜਾਣਕਾਰੀ ਦਿੱਤੀ ਜਾਵੇਗੀ।
ਵਿਸ਼ੇਸ਼ - ਕੈਂਪ ਦੀ ਸਮਾਪਤੀ ਤੋਂ ਉਪਰੰਤ 30 ਜੂਨ 2024 ਨੂੰ ਮਹਾਨ ਗੁਰਮਤਿ ਸਮਾਗਮ ਕਰਵਾਇਆ ਜਾਵੇਗਾ।
ਜਿਸ ਵਿੱਚ ਕਥਾਵਾਚਕ, ਢਾਡੀ, ਕਵੀਸ਼ਰ ਅਤੇ ਹਜੂਰੀ ਰਾਗੀ ਜਥੇ ਹਾਜਰੀ ਭਰਨਗੇ। ਇਸ ਤੋਂ ਉਪਰੰਤ ਬੱਚਿਆਂ ਅਤੇ ਪ੍ਰਬੰਧਕਾਂ ਨੂੰ ਸਨਮਾਨਿਤ ਕੀਤਾ ਜਾਵੇਗਾ।
ਜਥੇਦਾਰ ਭੁਪਿੰਦਰ ਸਿੰਘ ਅਸੰਧ
ਪ੍ਰਧਾਨ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਸ. ਤਜਿੰਦਰਪਾਲ ਸਿੰਘ ਨਾਰਨੌਲ
ਅੰਤ੍ਰਿੰਗ ਕਮੇਟੀ ਮੈਂਬਰ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਸ. ਸੁਖਵਿੰਦਰ ਸਿੰਘ ਮੰਡੇਬਰ
ਜਰਨਲ ਸਕੱਤਰ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਬੇਨਤੀ ਕਰਤਾ :- ਸਮੂਹ ਸਾਧ ਸੰਗਤ ਨਾਰਨੌਲ ਅਤੇ ਸਕੱਤਰ ਧਰਮ ਪ੍ਰਚਾਰ (ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ)

ਦੇਗ ਤੇਗ ਫਤਿਹ — ਪੰਥ ਕੀ ਜੀਤ

ਅੰਮ੍ਰਿਤ ਛਕੋ – ਸਿੰਘ ਸਜੋ

ਵਿੱਦਿਆ ਸਭ ਦਾ ਮਾਣ ਹੈ, ਵਿੱਦਿਆ ਦਿੰਦੀ ਗਿਆਨ ॥
ਵਿੱਦਿਆ ਪੜ੍ਹੀਏ ਚਿੱਤ ਲਾ, ਵਿੱਦਿਆ ਦੇਈਏ ਦਾਨ ॥

ਧਰਮ ਪ੍ਰਚਾਰ ਕਮੇਟੀ H.S.G.M.C ਕੁਰੁਕਸ਼ੇਤਰ ਅਤੇ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ

# ਗੁਰਮਤਿ ਸਿਖਲਾਈ ਕੈਂਪ–2024

ਇਸ ਕੈਂਪ ਵਿਚ ਪੰਜਾਬੀ ਭਾਸ਼ਾ ਦਾ ਗਿਆਨ, ਸਿੱਖ ਧਰਮ ਦੀ ਮੁੱਢਲੀ ਜਾਣਕਾਰੀ, ਗੁਰਬਾਣੀ ਦਾ ਸ਼ੁਧ ਉਚਾਰਣ, ਸਿਖ ਇਤਿਹਾਸ ਦੀ ਜਾਣਕਾਰੀ, ਗੁਰਬਾਣੀ ਕੰਠ ਕੀਰਤਨ ਦੀ ਸਿਖਲਾਈ ਅਤੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸ਼੍ਰੀ ਅਖੰਡ ਪਾਠ, ਸਹਿਜ ਪਾਠ, ਸਪਤਾਹਿਕ ਸਹਿਜ ਪਾਠ ਕਰਨ ਦੇ ਨਿਯਮ ਬਾਰੇ ਜਾਣਕਾਰੀ ਦਿਤੀ ਜਾਵੇਗੀ । ਅਤੇ ਦਸਤਾਰ ਸਜਾਉਣ ਦੀ ਸਿਖਲਾਈ ਦਿਤੀ ਜਾਵੇਗੀ ।

**ਇਹ ਗੁਰਮਤਿ ਕੈਂਪ ਗੁ: ਬੰਗਲਾ ਸਾਹਿਬ, ਰੋਹਤਕ ਵਿਖੇ 26 ਮਈ ਤੋਂ 29 ਜੂਨ 2024 ਤਕ ਰੋਜ਼ਾਨਾ ਸ਼ਾਮ 4:00 ਵਜੇ ਤੋਂ 7:00 ਵਜੇ ਤਕ ਚਲੇਗਾ ।**

ਗੁਰਮਤਿ ਕੈਂਪ ਦੀ ਸਮਾਪਤੀ 30 ਜੂਨ 2024 ਐਤਵਾਰ ਗੁਰਦੁਆਰਾ ਬੰਗਲਾ ਸਾਹਿਬ ਵਿਖੇ ਸਵੇਰੇ 10 ਤੋਂ 1:00 ਵਜੇ ਤਕ ਹੋਵੇਗੀ । ਜਿਸ ਵਿਚ ਬਚਿਆਂ ਦੁਆਰਾ ਕੀਰਤਨ, ਸਿੱਖ ਇਤਿਹਾਸ ਅਤੇ ਗੁਰਬਾਣੀ ਪ੍ਰਤਿਯੋਗਤਾ ਹੋਵੇਗੀ ਅਤੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਚਰਨੀ ਲਗਾਇਆ ਜਾਵੇਗਾ ।

ਸਮਾਪਤੀ ਉਪਰੰਤ ਕਲਗੀਧਰ ਪਿਤਾ ਅੰਮ੍ਰਿਤਦਾਤਾ ਦੀ ਬਖਸ਼ੀਸ਼ ਅੰਮ੍ਰਿਤ ਸੰਚਾਰ ਕੀਤਾ ਜਾਵੇਗਾ ।

ਨੋਟ : ਨੌਜਵਾਨ ਬੱਚੇ ਤੇ ਬੱਚੀਆਂ ਨੂੰ ਕੇਸਾਂ ਦੀ ਬੇਅਦਬੀ ਤੇ ਨਸ਼ਿਆਂ ਤੋਂ ਦੂਰ ਰਖਣ ਲਈ ਗੁਰਮਤਿ ਕੈਂਪ ਵਿੱਚ ਜਰੂਰ ਭੇਜੋ ਜੀ

ਗੁਰਚਰਨ ਸਿੰਘ ਖਾਲਸਾ ਇੰਚਾਰਜ ਗੁਰਮਤਿ ਕਲਾਸਿਸ



## ਅੰਮ੍ਰਿਤ ਸੰਚਾਰ

ਮਿਤੀ 30 ਜੂਨ 2024 ਦਿਨ ਐਤਵਾਰ ਦੁਪਹਿਰ 12:30 ਵਜੇ

ਨੋਟ : ਕਕਾਰ ਮੁਫਤ ਦਿੱਤੇ ਜਾਣਗੇ



ਸ. ਭੁਪਿੰਦਰ ਸਿੰਘ ਜੀ ਅਸੰਧ (ਪ੍ਰਧਾਨ H.S.G.M.C.)



ਸ: ਹਰਭਜਨ ਸਿੰਘ ਰਾਠੌਰ
ਮੈਂਬਰ H.S.G.M.C.
M. 9896003836



ਜ: ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ
H.S.G.M.C.

ਬੇਨਤੀ ਕਰਤਾ : ਸਕਤਰ, ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੇਂਟ ਕਮੇਟੀ
ਮੈਨੇਜਰ, ਗੁਰਦੁਆਰਾ ਬੰਗਲਾ ਸਾਹਿਬ, ਰੋਹਤਕ (ਹਰਿਆਣਾ)
ਸੰਪਰਕ ਨੰ: 9813230906, 9728715453, 9896828411, 9896003836, 9911325568

* Arun Printers, Quilla Mohalla, Rohtak. Ph. 9896455615

ਆਵਾਜ਼ਿ ਕੌਮ AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੂ ਕੋਟਿ ਪੈਂਡਾ ਆਗੇ ਹੋਇ ਲੇਤ ਹੈ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.



## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 6 ਨਵੰਬਰ 2024 ਤੋਂ 16 ਨਵੰਬਰ 2024 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖ਼ਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1095**

Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.

**Note: It does not include flight ticket and insurance, it has to be done by the passenger himself.**

**ਜ਼ਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ। ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

- ☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।
- ☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

**ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।**

**BOOK YOUR SEATS NOW**

*-- ਗੁਰੂ ਪੰਥ ਦੇ ਸੇਵਾਦਾਰ --*

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

Website : www.nsycuk.com

E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV







KHALSA FORGE

Explore a stunning collection of high-quality Damascus and Sarbloh Kirpans, meticulously crafted for excellence.
www.khalsaforge.com

# ਖਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।









**www.khalsaforge.com**

ਸ੍ਰੀ ਅਕਾਲ ਸਹਾਇ

ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ

ਗੁਰਮਤਿ ਸਿਖਲਾਈ ਕੈਂਪ 2024

ਗੁਰਦੁਆਰਾ ਬੰਗਲਾ ਸਾਹਿਬ, ਰੋਹਤਕ ਵਿਖੇ ਮਿਤੀ- 26 ਮਈ ਤੋਂ 29 ਜੂਨ 2024 ਤੱਕ
ਰੋਜ਼ਾਨਾ ਸ਼ਾਮ 04:00 ਤੋਂ 07:00 ਵਜੇ ਤੱਕ

ਇਸ ਕੈਂਪ ਦੌਰਾਨ ਪੰਜਾਬੀ ਭਾਸ਼ਾ ਦਾ ਗਿਆਨ, ਸਿੱਖ ਧਰਮ ਦੀ ਮੁੱਢਲੀ ਜਾਣਕਾਰੀ, ਗੁਰਬਾਣੀ ਸ਼ੁੱਧ ਉਚਾਰਣ, ਸਿੱਖ ਇਤਿਹਾਸ ਦੀ ਜਾਣਕਾਰੀ, ਗੁਰਬਾਣੀ ਕੰਠ, ਕੀਰਤਨ ਸਿਖਲਾਈ ਅਤੇ ਦਸਤਾਰ ਸਜਾਉਣ ਦੀ ਸਿਖਲਾਈ ਦਿੱਤੀ ਜਾਵੇਗੀ ।

ਇਸ ਕੈਂਪ ਦੀ ਸਮਾਪਤੀ ਦਾ ਸਮਾਗਮ ਮਿਤੀ- 30 ਜੂਨ 2024 ਨੂੰ ਸਵੇਰੇ 10:00 ਤੋਂ ਦੁਪਹਿਰ 01:00 ਵਜੇ ਤੱਕ ਹੋਵੇਗਾ।

ਮਿਤੀ- 30 ਜੂਨ 2024 ਨੂੰ ਦੁਪਹਿਰ 12:30 ਵਜੇ ਅੰਮ੍ਰਿਤ ਸੰਚਾਰ ਹੋਵੇਗਾ ਜੀ। ਨੋਟ- ਕਕਾਰ ਮੁਫਤ ਦਿੱਤੇ ਜਾਣਗੇ ਜੀ।


ਜਥੇਦਾਰ ਭੁਪਿੰਦਰ ਸਿੰਘ ਅਸੰਧ
ਪ੍ਰਧਾਨ,
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ


ਸ. ਸੁਖਵਿੰਦਰ ਸਿੰਘ ਮੰਡੇਬਰ
ਜਰਨਲ ਸਕੱਤਰ,
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ


ਸ. ਹਰਭਜਨ ਸਿੰਘ ਰਾਠੌਰ
ਮੈਂਬਰ,
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ


ਸ. ਸੁਦਰਸ਼ਨ ਸਿੰਘ ਭਿਵਾਨੀ
ਅੰਤ੍ਰਿੰਗ ਮੈਂਬਰ,
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ


ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ,
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ

ਬੇਨਤੀ ਕਰਤਾ- ਸਕੱਤਰ ਧਰਮ ਪ੍ਰਚਾਰ ਹਰਿਅਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ, ਮੈਨੇਜਰ ਗੁਰਦੁਆਰਾ ਬੰਗਲਾ ਸਾਹਿਬ ਰੋਹਤਕ (ਹਰਿਆਣਾ)

### ਸਾਂਸਦ ਭਾਈ ਅੰਮ੍ਰਿਤਪਾਲ ਸਿੰਘ ’ਤੇ

# ਐੱਨ.ਐੱਸ.ਏ. ਦੇ ਕੀਤੇ ਵਾਧੇ ਨੂੰ ਤਰੁੰਤ ਰੱਦ ਕਰੇ ਪੰਜਾਬ ਸਰਕਾਰ : ਆਗੂ ਮਾਨ ਦਲ



**ਧੂਰੀ ( ਰਣਜੀਤ ਸਿੰਘ ਪੇਧਨੀ)**-ਆਸਾਮ ਦੀ ਡਿਬਰੂਗੜ੍ਹ ਗੂ ਜੇਲ੍ਹ ਅੰਦਰ ਨਜ਼ਰਬੰਦ ਭਾਈ ਤੇ ਅੰਮ੍ਰਿਤਪਾਲ ਸਿੰਘ ਤੇ ਤਾ ਉਸਦੇ ਸਾਥੀਆਂ ਲ ਉੱਪਰ ਪੰਜਾਬ ਨ ਸਰਕਾਰ ਵੱਲੋਂ ਐੱਨ. ਸ. ਐੱਸ. ਏ. ’ਚ ਮੁੜ ਕੇ ਵਾਧਾ ਕੀਤੇ ਜਾਣ ਨੇ ਦੀ ਸਖ਼ਤ ਸ਼ਬਦਾਂ ’ਚ ਰ ਨਿਖੇਧੀ ਕਰਦਿਆਂ ਸ੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਸੀਨੀਅਰ ਆਗੂ ਨਰਿੰਦਰ ਸਿੰਘ ਕਾਲਾਬੂਲਾ, ਸੀਨੀਅਰ ਆਗੂ ਸਾਧੂ ਸਿੰਘ ਪੇਧਨੀ, ਸੀਨੀਅਰ ਆਗੂ ਅਮਰਦੀਪ ਸਿੰਘ ਬਾਦਸਾਹਪੁਰ,ਸੀਨੀਅਰ ਆਗੂ ਮਨਜੀਤ ਸਿੰਘ ਧਾਮੀ ਅਤੇ ਨੌਜਵਾਨ ਆਗੂ ਅਮਰੀਕ ਸਿੰਘ ਕਿਲਾ ਹਕੀਮਾਂ ਨੇ ਕਿਹਾ ਕੇਜਰੀਵਾਲ ਦਦੇ ਇਸ਼ਾਰੇ ’ਤੇ ਹੀ ਮੁੱਖ ਮੰਤਰੀ ਭਗਵੰਤ ਮਾਨ ਕ ਵੱਲੋਂ ਸਿੱਖ ਨੌਜਵਾਨਾਂ ਨਾਲ ਧੱਕੇਸ਼ਾਹੀ ਜੀ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੀ ਕੇਂਦਰ ਸਰਕਾਰ ਦੇ ਵੇ ਰਾਹਾਂ ’ਤੇ ਚੱਲ ਰਹੀ ਹੈ ਤੇ ਜਿਵੇਂ ਦਾ ਵਰਤਾਰਾ ਕੇਂਦਰ ਸਰਕਾਰ ਸਜ਼ਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਨਾਲ ਜੋ,ਧੱਕਾ ਕਰ ਰਹੀ ਹੈ, ਉਵੇਂ ਹੀ ਪੰਜਾਬ ਸਰਕਾਰ ਸਿੱਖ ਨੌਜਵਾਨੀ ਨੂੰ ਜੇਲ੍ਹਾਂ ਵਿੱਚ ਰੋਲਣ ’ਤੇ ਉੱਤਰ ਆਈ ਹੈ, ਜੋ ਕਿ ਅਤਿ ਨਿੰਦਣਯੋਗ ਹੈ ਨਾ ਕਾਬਿਲੇ ਬਰਦਾਸ਼ਤ ਹੈ।ਆਗੂਆਂ ਨੇ ਕਿਹਾ ਕਿ ਦਿੱਲੀ ’ਚ ਸੱਤਾਧਾਰੀ ਆਮ ਆਦਮੀ ਪਾਰਟੀ ਪਹਿਲਾਂ ਦਵਿੰਦਰਪਾਲ ਸਿੰਘ ਭੁੱਲਰ ਦੀ ਰਿਹਾਈ ਲਈ ਅੜਿੱਕਾ ਬਣਦੀ ਆ ਰਹੀ ਹੈ ਅਤੇ ਹੁਣ ਪੰਜਾਬ ਦੀ ਭਗਵੰਤ ਮਾਨ ਸਰਕਾਰ ਡਿਬਰੂਗੜ੍ਹ ਜੇਲ੍ਹ ’ਚ ਬੰਦ ਕੀਤੇ ਇਹਨਾਂ ਨੌਜਵਾਨਾਂ ਨੂੰ ਰਿਹਾਅ ਕਰਵਾਉਣ ਦੀ ਬਜਾਏ ਸਗੋਂ ਉਹਨਾਂ ਦੀ ਨਜ਼ਰਬੰਦੀ ’ਚ ਵਾਧਾ ਕਰਕੇ ਸਿੱਖ ਵਿਰੋਧੀ ਹੋਣ ਦਾ ਸਬੂਤ ਦੇ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਲੋਕ ਫਤਵੇ ਨੂੰ ਖਿੜੇ ਮੱਥੇ ਪ੍ਰਵਾਨ ਕਰੇ ਤੇ ਸੂਬੇ ਦੀ ਤਰੱਕੀ ਤੇ ਅਮਨ-ਖੁਸ਼ਹਾਲੀ ਵੱਲ ਧਿਆਨ ਦਿੰਦੇ ਹੋਏ ਇੰਨ੍ਹਾਂ ਨੌਜਵਾਨਾਂ ਨੂੰ ਪੰਜਾਬ ਲੈ ਕੇ ਆਏ ਤੇ ਐੱਨ.ਐੱਸ.ਏ. ਰੱਦ ਕਰਕੇ ਇਨ੍ਹਾਂ ਦੀ ਜਲਦ ਰਿਹਾਈ ਲਈ ਰਾਹ ਪੱਧਰਾ ਕਰੇ ਤੇ ਨਾਲ ਹੀ ਦੇਸ਼ ਦੀਆਂ ਵੱਖ-ਵੱਖ ਜੇਲ੍ਹਾਂ ’ਚ ਕੈਦ ਸਿੱਖ ਕੈਦੀ ਜਾਂ ਆਪਣੀਆਂ ਸਜ਼ਾਵਾਂ ਭੁਗਤ ਚੁੱਕੇ ਬੰਦੀ ਸਿੰਘਾਂ ਨੂੰ ਵੀ ਜਲਦ ਰਿਹਾਅ ਕਰਾਉਣ ਦਾ ਉਪਰਾਲਾ ਕਰੇ।

ਆਵਾਜ਼ਿ ਕੌਮ AWAZE QAUM International Newspaper & WEB TV

# ਗੁਰਦੁਆਰਾ ਮੰਜੀ ਸਾਹਿਬ ਮੂਲੋਂਵਾਲ ਵਿਖੇ ਰਿਹਾਇਸ਼ੀ ਕਮਰਿਆ ਦਾ ਲੈਂਟਰ ਪਾਇਆ



**ਸ਼ੇਰਪੁਰ, ( ਰਣਜੀਤ ਸਿੰਘ ਪੇਧਨੀ )**-ਗੁਰੂਦੁਆਰਾ ਮੰਜੀ ਸਾਹਿਬ ਮੂਲੋਵਾਲ ਵਿਖੇ ਬਾਬਾ ਅਮਰ ਸਿੰਘ ਕੌਰਜੀਵਾਲਾ ਦੀ ਅਗਵਾਈ ਹੇਠ ਕਾਰ-ਸੇਵਾ ਚੱਲ ਰਹੀ ਹੈ, ਜਿਸਦੇ ਵਿੱਚ ਅੱਜ ਰਿਹਾਇਸ਼ੀ ਨਵੇਂ ਕਮਰਿਆ ਦਾ ਲੈਂਟਰ ਪਾਇਆ ਗਿਆ। ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਬਾਬਾ ਅਮਰ ਸਿੰਘ ਕੌਰਜੀਵਾਲਾ ਨੇ ਕਿਹਾ ਹੈ ਕਿ ਇਹ ਸੇਵਾ ਸੰਗਤਾਂ ਦੇ ਸਹਿਯੋਗ ਦੇ ਨਾਲ ਚਲਾਈ ਜਾ ਰਹੀ ਹੈ ਸੰਗਤਾਂ ਦੇ ਰਹਿਣ ਸਹਿਣ ਵਾਸਤੇ ਕਮਰਿਆਂ ਦੀ ਲੈਂਟਰ ਪਾਇਆ ਗਿਆ ਹੈ।ਸੇਵਾ ਅੱਗੇ ਤੋਂ ਵੀ ਜਾਰੀ ਰਹੇਗੀ, ਬਾਬਾ ਜੀ ਨੇ ਇਲਾਕੇ ਦੀਆਂ ਸੰਗਤਾਂ ਨੂੰ ਅਪੀਲ ਹੈ ਕਿ ਚੱਲ ਰਹੀ ਕਾਰ ਸੇਵਾ ਵਿੱਚ ਵੱਧ ਤੋਂ ਵੱਧ ਯੋਗਦਾਨ ਪਾ ਕੇ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰੋ।ਇਸ ਮੌਕੇ ਬੀਬੀ ਸਰਨਜੀਤ ਕੌਰ ਕਿਲਾ ਹਕੀਮਾਂ ਮੈਂਬਰ ਸ੍ਰੋਮਣੀ ਕਮੇਟੀ ਹਲਕਾ ਧੂਰੀ, ਜਥੇ ਮਲਕੀਤ ਸਿੰਘ ਚੰਗਾਲ ਸ੍ਰੋਮਣੀ ਕਮੇਟੀ ਮੈਂਬਰ,ਅਮਰੀਕ ਸਿੰਘ ਕਿਲਾ ਹਕੀਮਾਂ, ਚੇਅਰਮੈਨ ਸਤਿੰਦਰ ਸਿੰਘ ਚੱਠਾ, ਮਨੈਜਰ ਹਰਵਿੰਦਰ ਸਿੰਘ ਚੰਗਾਲ ਅਤੇ ਹੈਂਡ ਗ੍ਰੰਥੀ ਗੁਰਧਿਆਨ ਸਿੰਘ ਵਿਸ਼ੇਸ ਤੌਰ ’ਤੇ ਹਾਜ਼ਰ ਸਨ। ਇਸ ਮੌਕੇ ਸਰਪੰਚ ਗੁਰਦੀਪ ਸਿੰਘ ਸੁਲਤਾਨਪੁਰ, ਸਰਪੰਚ ਲਖਵੀਰ ਸਿੰਘ ਧੰਦੀਵਾਲ, ਸਰਪੰਚ ਸੁਖਦੀਪ ਸਿੰਘ, ਸਰਪੰਚ ਕੁਲਦੀਪ ਸਿੰਘ ਬਾਲੀਆਂ, ਆਪ ਆਗੂ ਰਣਜੀਤ ਸਿੰਘ ਧੰਦੀਵਾਲ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ੴ ਸਤਿਗੁਰ ਪ੍ਰਸਾਦਿ ॥

ਜੇਹਾ ਚੀਰੀ ਲਿਖਿਆ ਤੇਹਾ ਹੁਕਮੁ ਕਮਾਹਿ ॥
ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ ॥੧॥

# ਭੋਗ ਅਤੇ ਅੰਤਿਮ ਅਰਦਾਸ



ਆਪ ਜੀ ਨੂੰ ਬਹੁਤ ਹੀ ਦੁਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ ਸਾਡੇ ਬਹੁਤ ਹੀ ਸਤਿਕਾਰਯੋਗ

## ਸ.ਸੁਖਜਿੰਦਰ ਸਿੰਘ ਜੌੜਾ

ਸਪੁੱਤਰ ਸ.ਪੂਰਨ ਸਿੰਘ ਆਪਣੀ ਸੰਸਾਰਿਕ ਯਾਤਰਾ ਨੂੰ ਪੂਰੀ ਕਰਦੇ ਹੋਏ ਮਿਤੀ
19-06-2024 ਨੂੰ ਅਚਾਨਕ ਸਦੀਵੀ
ਵਿਛੋੜਾ ਦੇ ਗੁਰੂ ਚਰਨਾਂ ਵਿੱਚ ਜਾ ਵਿਰਾਜੇ ਹਨ। ਉਹਨਾਂ ਦੀ ਆਂਤਮਿਕ ਸ਼ਾਂਤੀ ਲਈ ਰੱਖੇ ਗਏ

## ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ

ਮਿਤੀ 28 ਜੂਨ ਦਿਨ ਸ਼ੁੱਕਰਵਾਰ ਨੂੰ ਪਾਠ ਦੇ ਭੋਗ ਗ੍ਰਹਿ ਵਿਖੇ ਪਾਏ ਜਾਣਗੇ
ਉਪਰੰਤ 12 ਤੋਂ 2 ਵਜੇ ਤੱਕ ਅੰਤਿਮ ਅਰਦਾਸ ਗੁਰਦੁਆਰਾ ਸ੍ਰੀ ਗੁਰੂ ਅਰਜਨ ਦੇਵ ਸਿੰਘ ਸਭਾ
H-BLOCK ਭਾਈ ਰਣਧੀਰ ਸਿੰਘ ਨਗਰ ਲੁਧਿਆਣਾ ਵਿਖੇ ਹੋਵੇਗੀ।
ਸੋ ਆਪ ਜੀ ਨੂੰ ਅੰਤਿਮ ਅਰਦਾਸ ਵਿੱਚ ਸ਼ਾਮਲ ਹੋਣ ਦੀ ਨਿਮਰਤਾ ਸਹਿਤ ਬੇਨਤੀ ਕੀਤੀ ਜਾਂਦੀ ਹੈ।

**ਦੁਖੀ ਹਿਰਦੇ**

ਜੌੜਾ ਪਰਿਵਾਰ
ਪੰਜਹੱਥਾ ਪਰਿਵਾਰ
ਗਰੇਵਾਲ ਪਰਿਵਾਰ

ਆਵਾਜ਼ਿ ਕੌਮ AWAZE QAUM International Newspaper & WEB TV

ਸੰਪਰਕ :- 98150-32200, 90565-00816, 98311-23925, 73559-12393

ਸਿਰਜਣਾ ਦਿਵਸ 'ਤੇ ਵਿਸ਼ੇਸ਼

# ਭਗਤੀ ਤੇ ਸ਼ਕਤੀ ਦਾ ਸੁਮੇਲ- ਸ੍ਰੀ ਅਕਾਲ ਤਖਤ ਸਾਹਿਬ

**ਗੁਰੂ** ਅਰਜਨ ਦੇਵ ਸਾਹਿਬ ਪਾਤਸ਼ਾਹ ਜੀ ਦੀ ਸ਼ਹਾਦਤ ਤੋਂ ਬਾਦ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦਾ ਸਿੱਖ ਸੰਗਤਾਂ ਨੂੰ ਅਲੱਗ ਹੀ ਰੂਪ ਵੇਖਣ ਨੂੰ ਮਿਲਿਆ। ਉਸ ਵਕਤ ਗੁਰੂ ਹਰਿਗੋਬਿੰਦ ਸਾਹਿਬ ਜੀ ਦੀ ਉਮਰ ਗਿਆਰਾਂ ਸਾਲਾਂ ਦੀ ਸੀ। ਗੁਰੂ ਜੀ ਨੇ ਮੀਰੀ ਅਤੇ ਪੀਰੀ ਨਾਂਅ ਦੀਆਂ ਦੋ ਤਲਵਾਰਾਂ ਧਾਰਨ ਕੀਤੀਆਂ। ਸੇਲੀ ਟੋਪੀ ਦੀ ਜਗ੍ਹਾ ਸੋਹਣੀ ਸ਼ਾਹੀ ਠਾਠ ਵਾਲੀ ਦਸਤਾਰ ਧਾਰਨ ਕੀਤੀ, ਉੱਪਰ ਕਲਗੀ ਸਜਾਈ। ਸਿੱਖ ਸੰਗਤਾਂ ਪਾਤਸ਼ਾਹ ਜੀ ਦਾ ਇਹ ਰੂਪ ਵੇਖ ਕੇ ਹੈਰਾਨ ਸਨ। 'ਮੀਰੀ' ਅਤੇ 'ਪੀਰੀ' ਦੋਵੇਂ ਫ਼ਾਰਸੀ ਦੇ ਸ਼ਬਦ ਹਨ। ਇਸਦੇ ਅਰਥ ਵਿਦਵਾਨਾਂ ਨੇ ਇਉਂ ਕੀਤੇ ਹਨ। 'ਮੀਰੀ' ਦਾ ਅਰਥ 'ਮੀਰ' ਤੇ 'ਮੀਰ' ਦਾ ਅਰਥ 'ਅਮੀਰ' ਦਾ ਸੰਕੇਤ ਹੈ। 'ਪੀਰੀ' ਦਾ ਅਰਥ 'ਪੀਰ' ਤੇ 'ਪੀਰ' ਦਾ ਅਰਥ ਭਾਵ 'ਧਾਰਮਿਕ ਆਗੂ' ਤੋਂ ਹੈ। ਜਦੋਂ ਸਿੱਖਾਂ ਨੇ ਗੁਰੂ ਹਰਿਗੋਬਿੰਦ ਸਾਹਿਬ ਜੀ ਨੂੰ ਸਵਾਲ ਕੀਤਾ ਕਿ ਪਹਿਲੇ ਗੁਰੂ ਸਹਿਬਾਨਾਂ ਤੋਂ ਅਲੱਗ ਇਹ ਤਲਵਾਰਾਂ, ਉਹ ਵੀ ਦੋ ਕਿਉਂ ਧਾਰਨ ਕੀਤੀਆਂ ਹਨ ਤਾਂ ਗੁਰੂ ਸਾਹਿਬ ਜੀ ਨੇ ਸੰਗਤਾਂ ਨੂੰ ਜਵਾਬ ਦਿੱਤਾ ਜੋ ਭਾਈ ਸੰਤੋਖ ਜੀ ਇਸ ਤਰ੍ਹਾਂ ਲਿੱਖਦੇ ਹਨ ਕਿ:

**ਧਰੇ ਤੇਜ ਸਤਿਗੁਰੁ ਬਚ ਕਹੇ। ਹਮ ਨੇ ਇਸ ਹਿਤ ਜੁਗ ਅਸਿ ਗਹੇ।**
**ਇਕ ਤੇ ਲੇਂ ਮੀਰਨਿ ਕੀ ਮੀਰੀ। ਦੂਸਰ ਤੇ ਪੀਰਨਿ ਕੀ ਪੀਰੀ।**

ਗੁਰੂ ਜੀ ਨੇ ਗੁਰਗੱਦੀ ਤੇ ਬਿਰਾਜਮਾਨ ਹੁੰਦਿਆਂ ਹੀ ਸਭ ਸਿੱਖ ਸੰਗਤਾਂ ਨੂੰ ਹੁਕਮਨਾਮੇ ਜਾਰੀ ਕੀਤੇ ਕਿ ਅੱਜ ਤੋਂ ਸਾਨੂੰ ਵਧੀਆ ਨਸਲ ਦੇ ਘੋੜੇ, ਵਧੀਆ ਕਿਸਮ ਦੇ ਹਥਿਆਰ, ਵਧੀਆ ਤੇ ਤੰਦਰੁਸਤ ਜਵਾਨੀਆਂ ਭੇਟ ਕੀਤੀਆਂ ਜਾਣ।

ਜੋ ਸਿਖ ਆਨਹਿ ਸ਼ਸਤ੍ਰ ਤੁਰੰਗਾ। ਹੋਇ ਖੁਸ਼ੀ ਗੁਰ ਕੀ ਸੁਖ ਸੰਗਾ।
ਸਭ ਆਵੈਂ ਦਰਸ਼ਨ ਹਿਤ ਕਰਿਬੇ। ਲਯਾਇ ਅਕੋਰ ਬਿਲਮ ਨਹਿਂ ਧਰਿਬੇ।

ਗੁਰੂ ਜੀ ਦੇ ਹੁਕਮ ਅਨੁਸਾਰ ਸਿੱਖ ਸੰਗਤਾਂ ਭੇਟਾਵਾਂ ਚੜਾਉਣ ਲੱਗੀਆਂ। ਥੋੜ੍ਹੇ ਸਮੇਂ ਅੰਦਰ ਹੀ ਗੁਰੂ ਜੀ ਕੋਲ ਸਿੱਖ ਫੌਜ ਤਿਆਰ ਹੋਣੀ ਸ਼ੁਰੂ ਹੋ ਗਈ। ਦੇਖਾ ਦੇਖੀ ਇਸ ਫੌਜ ਵਿੱਚ 500 ਜਵਾਨ ਭਰਤੀ ਹੋ ਗਏ। ਕਿਸੇ ਵੀ ਜਵਾਨ ਨੇ ਤਨਖਾਹ ਦੀ ਮੰਗ ਨਹੀ ਕੀਤੀ। ਸਗੋਂ ਕਹਿੰਦੇ ਸਨ ਕਿ ਹੇ ਸੱਚੇ ਪਾਤਸ਼ਾਹ ਜੀ ਦੋ ਵਕਤ ਦੀ ਰੋਟੀ ਤੇ ਛੇ ਮਹੀਨੇ ਬਾਦ ਇੱਕ ਸੂਟ ਦੇ ਦਿਆ ਕਰੋ। ਐਸੇ ਜਵਾਨ ਗੁਰੂ ਜੀ ਦੀ ਫੌਜ ਵਿੱਚ ਭਰਤੀ ਹੋਣੇ ਸ਼ੁਰੂ ਹੋ ਗਏ ਸਨ ਜੋ ਗੁਰੂ ਜੀ ਦੇ ਇੱਕ ਇਸ਼ਾਰੇ ਤੇ ਜਾਨਾਂ ਕੁਰਬਾਨ ਕਰਨ ਲਈ ਤਿਆਰ-ਬਰ-ਤਿਆਰ ਰਹਿੰਦੇ ਸਨ। ਗੁਰੂ ਜੀ ਦੀ ਚੜ੍ਹਤ ਦੇਖ ਕੇ ਵੈਰੀਆ ਦੇ ਦਿਲ ਕੰਬਦੇ ਸਨ। ਉਹਨਾਂ ਨੇ ਜਹਾਂਗੀਰ ਨੂੰ

ਸ਼ਿਕਾਇਤਾਂ ਕਰਨੀਆਂ ਸ਼ੁਰੂ ਕਰ ਦਿੱਤੀਆਂ। ਜਹਾਂਗੀਰ ਨੇ ਇੱਕ ਇਹ ਹੁਕਮ ਵੀ ਜਾਰੀ ਕਰ ਦਿੱਤਾ ਕਿ ਕੋਈ ਵੀ ਦੋ ਫੁੱਟ ਤੋਂ ਉੱਚਾ ਥੜ੍ਹਾ ਬਣਾ ਕੇ ਬੈਠ ਨਹੀ ਸਕਦਾ।

ਭਾਈ ਕਾਹਨ ਸਿੰਘ ਨਾਭਾ ਲਿੱਖਦੇ ਹਨ ਕਿ: ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਨੇ ਸੰਮਤ 1665 ਵਿੱਚ ਸ੍ਰੀ ਅੰਮ੍ਰਿਤਸਰ ਸ੍ਰੀ ਹਰਿਮੰਦਰ ਸਾਹਿਬ ਦੇ ਸਾਹਮਣੇ ਇੱਕ ਉੱਚਾ ਰਾਜ ਸਿੰਘਾਸਨ (ਸ਼ਾਹੀ ਤਖਤ) ਤਿਆਰ ਕਰਵਾਕੇ ਉਸਦਾ ਨਾਉਂ 'ਅਕਾਲ ਬੁੰਗਾ' ਰੱਖਿਆ। ਜਿਸ ਥਾਂ ਸਵੇਰੇ ਅਤੇ ਸ਼ਾਮ ਨੂੰ ਦੀਵਾਨ ਲਗਾ ਕੇ ਸੰਗਤਾਂ ਨੂੰ ਨਿਹਾਲ ਕਰਦੇ ਸਨ। ਅਕਾਲ ਬੁੰਗਾ ਪੰਥਕ ਜਥੇਬੰਦੀਆ ਦਾ ਕੇਂਦਰ ਬਿੰਦੂ ਹੈ। ਪੰਥ ਇਸ ਥਾਂ ਮੁੱਢ ਤੋਂ ਗੁਰਮਤੇ ਸੋਧਦਾ ਆਇਆ ਹੈ। ਇਹ ਗੁਰਦੁਆਰਾ ਸਿੱਖਾਂ ਦਾ ਪਹਿਲਾ ਤਖਤ ਹੈ। ਇਥੇ ਗੁਰੂ ਸਹਿਬਾਨ ਅਤੇ ਧਰਮਵੀਰ ਸ਼ਹੀਦਾਂ ਦੇ ਸ਼ਸਤਰ ਸਸ਼ੋਭਿਤ ਹਨ। ਪ੍ਰਿੰ: ਤੇਜਾ ਸਿੰਘ ਤੇ ਪ੍ਰੋ. ਗੰਡਾ ਸਿੰਘ ਆਪਣੀ ਲਿੱਖਤ ਵਿੱਚ ਲਿੱਖਦੇ ਹਨ ਕਿ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਨੇ 1609 ਈ: ਵਿੱਚ ਸ੍ਰੀ ਅਕਾਲ ਤਖਤ ਸਾਹਿਬ ਜੀ ਦੀ ਸਥਾਪਨਾ ਕੀਤੀ।

**ਢਾਡੀ ਅਬਦੁੱਲਾ ਤੇ ਨੱਥਾ ਮੱਲ ਨੇ ਤਖਤਨਸ਼ੀਨੀ ਤੇ ਵਾਰ ਪੜ੍ਹੀ।**
**ਸੱਚਾ ਤਖਤ ਸੁਹਾਯੋ ਸ੍ਰੀ ਗੁਰ ਪਾਇਕੈ।**
**ਛਬ ਬਰਨੀ ਨਹਿ ਜਾਇ ਕਹੋ ਕਿਆ ਗਾਇਕੈ।**
**ਰਵਿ ਸਸਿ ਭਏ ਮਲੀਨ ਸੁ ਦਰਸ ਦਿਖਾਇਕੈ।**
**ਸ੍ਰੀ ਗੁਰੂ ਤਖਤ ਬਿਰਾਜੇ ਪ੍ਰਭੂ ਧਿਆਇਕੈ।**
**ਮੀਰ ਅਬਦੁੱਲ ਔ ਨਥਾ ਜਸ ਕਹੇ ਬਨਾਇਕੈ।**

ਇਸ ਜਗ੍ਹਾ ਗੁਰੂ ਹਰਿਗੋਬਿੰਦ ਪਾਤਸ਼ਾਹ ਜੀ ਪਹਿਲਵਾਨਾਂ ਦੀਆਂ ਕੁਸ਼ਤੀਆਂ ਕਰਵਾਉਂਦੇ ਤੇ ਨਾਲੇ ਫੌਜੀ ਜਵਾਨਾਂ ਦੇ ਕਰਤੱਬ ਦੇਖਦੇ ਸਨ। ਇਸੇ ਜਗ੍ਹਾ ਤੇ ਹੀ ਇੱਕ ਉੱਚਾ ਥੜ੍ਹਾ ਉਸਾਰ ਦਿੱਤਾ ਜਿਸਨੂੰ 'ਅਕਾਲ ਬੁੰਗਾ' ਦੇ ਨਾਂਅ ਨਾਲ ਜਾਣਿਆ ਜਾਣ ਲੱਗਾ। ਇਸ ਦੀ ਨੀਂਹ ਗੁਰੂ ਹਰਿਗੋਬਿੰਦ ਸਾਹਿਬ ਜੀ ਨੇ ਆਪਣੇ ਪਵਿੱਤਰ ਹੱਥਾਂ ਨਾਲ ਰੱਖੀ। ਇਸਦੀ ਇਤਨੀ ਸੰਭਾਲ ਰੱਖੀ ਕਿ ਇਹ ਥੜ੍ਹਾ ਕਿਸੇ ਮਿਸਤਰੀ ਕੋਲੋਂ ਨਹੀ ਬਣਵਾਇਆ। ਸਾਰੀ ਉਸਾਰੀ ਗੁਰੂ ਸਾਹਿਬ ਜੀ ਨੇ, ਬਾਬਾ ਬੁੱਢਾ ਜੀ ਤੇ ਭਾਈ ਗੁਰਦਾਸ ਜੀ ਨੇ ਆਪਣੇ ਹੱਥੀਂ ਕੀਤੀ। ਗੁਰ ਬਿਲਾਸ ਪਾ: ਛੇਵੀਂ ਵਿੱਚ ਲਿਖਿਆ ਹੈ ਕਿ:

**ਕਰ ਅਰਦਾਸ ਸ੍ਰੀ ਸਤਿਗੁਰੂ ਪੁੰਨ ਪ੍ਰਸਾਦਿ ਵਰਤਾਇ।**
**ਪ੍ਰਿਥਮ ਨੀਵ ਸਈ ਗੁਰ ਰਖੀ ਅਬਚਲ ਤਖਤ ਸਹਾਇ।**
**ਗੁਰਦਾਸ ਬੁੱਢੇ ਕੋ ਲੈ ਨਿਜ ਸਾਥਿ।**
**ਤਖਤ ਅਰੰਭ ਕਰਿ ਦੀਨਾ ਨਾਥ।**



**ਕਿਸੀ ਰਾਜ ਨਹਿ ਹਾਥ ਲਗਾਯੋ।**
**ਬੁੱਢੇ ਔ ਗੁਰਦਾਸ ਬਨਾਯੋ।**

ਸ੍ਰੀ ਅਕਾਲ ਤਖਤ ਸਾਹਿਬ ਜੀ ਦੇ ਪਹਿਲੇ ਜਥੇਦਾਰ ਭਾਈ ਗੁਰਦਾਸ ਜੀ ਨੂੰ ਥਾਪਿਆ ਗਿਆ। ਜਦ ਅਕਾਲ ਦਾ ਇਹ ਸੱਚਾ ਤਖਤ ਬਣ ਕੇ ਤਿਆਰ ਹੋ ਗਿਆ ਤਾਂ ਗੁਰੂ ਹਰਿਗੋਬਿੰਦ ਸਾਹਿਬ ਜੀ ਕੇਸਰੀ ਬਾਣਾ ਪਾ ਕੇ ਸੁੰਦਰ ਦਸਤਾਰ ਤੇ ਕਲਗੀ ਸਜਾ ਕੇ ਮੀਰੀ ਅਤੇ ਪੀਰੀ ਦੀਆਂ ਦੋ ਤਲਵਾਰਾਂ ਪਹਿਨ ਕੇ ਇਸ ਤਖਤ ਤੇ ਬਿਰਾਜਮਾਨ ਹੋਏ। ਗੁਰੂ ਜੀ ਦੂਰੋਂ-ਦੂਰੋਂ ਆਈ ਸੰਗਤ ਦੇ ਫੈਸਲੇ ਜਲਦੀ ਹੀ ਕਰ ਦਿਆ ਕਰਦੇ ਹਨ। ਇਹ ਸਭ ਦੇਖ ਸੁਣ ਕੇ ਮੁਗਲਾਂ ਦੀ ਨੀਂਦ ਹਰਾਮ ਹੋ ਚੁੱਕੀ ਸੀ। ਉਸ ਸਮੇਂ ਤੋਂ ਲੈ ਕੇ ਸਮੇਂ-ਸਮੇਂ ਦੀਆਂ ਸਰਕਾਰਾਂ ਇਸ ਤਖਤ ਨੂੰ ਮਿਟਾਉਣ ਦੀਆਂ ਕੋਝੀਆਂ ਚਾਲਾਂ ਚੱਲਦੀਆ ਰਹੀਆਂ ਹਨ। ਦਰਬਾਰ ਸਾਹਿਬ ਤੇ ਸਮੇਂ ਦੀਆਂ ਸਰਕਾਰਾਂ ਵੱਲੋਂ ਕਈ ਹਮਲੇ ਕੀਤੇ ਗਏ।

ਆਵਾਜ਼ਿ ਕੌਮ AWAZE QAUM International Newspaper & WEB TV

ਜੂਨ 1984 ਵਿੱਚ ਹੋਏ ਫੌਜੀ ਹਮਲੇ ਤੋਂ ਬਾਦ ਜ਼ਾਲਮਾਂ ਨੇ ਕੋਈ ਕਸਰ ਬਾਕੀ ਨਹੀ ਛੱਡੀ ਸੀ। ਬਹੁਤ ਜ਼ਿਆਦਾ ਨੁਕਸਾਨ ਹੋਇਆ ਸੀ। ਸ੍ਰੀ ਅਕਾਲ ਤਖਤ ਸਾਹਿਬ ਤੇ ਸਸ਼ੋਭਿਤ ਗੁਰੂ ਸਾਹਿਬ, ਸਾਹਿਬਜ਼ਾਦਿਆਂ ਤੇ ਸ਼ਹੀਦ ਸਿੰਘਾਂ ਦੀਆਂ ਪਾਵਨ ਪਵਿੱਤਰ ਨੀਸ਼ਾਨੀਆਂ ਨੂੰ ਵੀ ਨੁਕਸਾਨ ਪਹੁੰਚਿਆ ਸੀ।

ਫਿਰ 13 ਸਤੰਬਰ 2012 ਨੂੰ ਬਾਬਾ ਨਰਿੰਦਰ ਸਿੰਘ ਜੀ ਹਜ਼ੂਰ ਸਾਹਿਬ ਵਾਲਿਆਂ ਵੱਲੋਂ ਇਹਨਾਂ ਨੀਸ਼ਾਨੀਆਂ ਦੀ ਸਾਂਭ ਸੰਭਾਲ ਦੀ ਸੇਵਾ ਸੰਭਾਲੀ ਗਈ ਸੀ। ਸ੍ਰੀ ਅਕਾਲ ਤਖਤ ਸਾਹਿਬ ਜੀ ਤੇ ਜੋ ਪਾਵਨ ਪਵਿੱਤਰ ਸ਼ਸਤਰ ਸੁਸ਼ੋਭਿਤ ਹਨ ਉਹਨਾਂ ਵਿੱਚ: ਮੀਰੀ ਪੀਰੀ ਦੀਆਂ ਦੋਵੇਂ ਸ੍ਰੀ ਸਾਹਿਬ, ਗੁਰੂ ਹਰਿਗੋਬਿੰਦ ਸਾਹਿਬ ਜੀ ਦਾ ਇੱਕ ਗੁਰਜ, ਇੱਕ ਸਫਾਜੰਗ, ਇੱਕ ਕਟਾਰ, ਇੱਕ ਪੇਚਕਬਜ਼, ਇੱਕ ਛੋਟੀ ਸ੍ਰੀ ਸਾਹਿਬ, ਗੁਰੂ ਗੋਬਿੰਦ ਸਾਹਿਬ ਜੀ ਦੀ ਪਾਵਨ ਸ੍ਰੀ ਸਾਹਿਬ, ਦੋ ਤੀਰ, ਇੱਕ ਕਟਾਰ, ਸਾਹਿਬਜ਼ਾਦਾ ਅਜੀਤ ਸਿੰਘ ਤੇ ਜੁਝਾਰ ਸਿੰਘ ਦੀ ਇੱਕ ਇੱਕ ਕਟਾਰ, ਬਾਬਾ ਬੁੱਢਾ ਸਾਹਿਬ ਜੀ ਦੀ ਸ੍ਰੀ ਸਾਹਿਬ, ਬਾਬਾ ਦੀਪ ਸਿੰਘ ਜੀ ਦਾ ਇੱਕ ਖੰਡਾ, ਇੱਕ ਪੇਚਕਬਜ਼, ਛੋਟੀ ਸ੍ਰੀ ਸਾਹਿਬ, ਇੱਕ ਪਿਸਤੋਲ, ਦੁਮਾਲੇ ਤੇ ਸਜਾਉਣ ਵਾਲੇ 4 ਛੋਟੇ ਖੰਡੇ, ਇੱਕ ਸ੍ਰੀ ਸਾਹਿਬ, ਚਾਰ ਛੋਟੇ ਚੱਕਰ ਤੇ ਗਿਆਰਾਂ ਵੱਡੇ ਚੱਕਰ, ਭਾਈ ਜੇਠਾ ਜੀ, ਭਾਈ ਬਿਧੀ ਚੰਦ ਜੀ, ਭਾਈ ਉਦੈ ਸਿੰਘ, ਭਾਈ ਕਰਮ ਸਿੰਘ ਦੀ ਇੱਕ ਇੱਕ ਸ੍ਰੀ ਸਾਹਿਬ, ਭਾਈ ਬਚਿੱਤਰ ਸਿੰਘ ਜੀ ਦਾ ਇੱਕ ਤੇਗਾ, ਅਕਾਲੀ ਫੂਲਾ ਸਿੰਘ ਜੀ ਦਾ ਇੱਕ ਤੇਗਾ, ਇੱਕ ਖੰਡਾ, ਇੱਕ ਕਟਾਰ, ਬਾਬਾ ਗੁਰਬਖਸ਼ ਸਿੰਘ ਜੀ ਦਾ ਇੱਕ ਖੰਡਾ, ਇੱਕ ਪਿਸਤੋਲ, ਬਾਬਾ ਨੌਧ ਸਿੰਘ ਜੀ ਦਾ ਇੱਕ ਖੰਡਾ ਆਦਿ ਹਨ।

ਸੰਨ 84 ਵੇਲੇ ਜਿੰਨ੍ਹਾਂ ਸ਼ਸਤਰਾਂ ਨੂੰ ਨੁਕਸਾਨ ਪਹੁਚਿਆ ਸੀ; ਮੀਰੀ ਵਾਲੀ ਸ੍ਰੀ ਸਾਹਿਬ ਦਾ ਇੱਕ ਹਿੱਸਾ ਟੁੱਟ ਗਿਆ ਸੀ। ਬਾਬਾ ਦੀਪ ਸਿੰਘ ਜੀ ਦੇ ਖੰਡੇ ਦੀ ਮੁੱਠ ਹਿੱਲ ਗਈ ਸੀ ਤੇ ਪਿਸਤੋਲ ਦੀ ਮੁੱਠ ਤਿੜਕ ਗਈ ਸੀ। ਬਾਬਾ ਗੁਰਬਖਸ਼ ਸਿੰਘ ਜੀ ਦੇ ਪਿਸਤੋਲ ਦਾ ਬੱਟ ਵੀ ਤਿੜਕ ਗਿਆ ਸੀ। ਹੋਰ ਵੀ ਕਈ ਸ਼ਸਤਰ ਇਸ ਹਮਲੇ ਦੌਰਾਨ ਪ੍ਰਭਾਵਿਤ ਹੋਏ ਸਨ। ਇੱਥੇ ਇੱਕ ਗੱਲ ਕਹਿਣੀ ਬਣਦੀ ਹੈ ਕਿ ਭਾਰਤ ਵਿੱਚ ਸਿੱਖ ਕੌਮ ਨੂੰ ਉਸਦਾ ਬਣਦਾ ਮਾਣ ਸਤਿਕਾਰ ਨਹੀ ਮਿਲਿਆ। ਵਿਦੇਸ਼ਾ ਵਿੱਚ ਸਿੱਖ ਧਰਮ ਦਾ ਮਾਣ ਸਤਿਕਾਰ ਵਧਿਆ ਹੈ। ਅਮਰੀਕਾ ਵਿੱਚ ਬਣੀ ਧਾਰਮਿਕ ਗ੍ਰੰਥਾਂ ਦੀ ਲਾਇਬ੍ਰੇਰੀ ਵਿੱਚ ਸਭ ਤੋਂ ਉੱਚਾ ਦਰਜਾ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਦਿੱਤਾ ਗਿਆ ਹੈ। ਨਿਪਾਲ ਸਰਕਾਰ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਤਿਕਾਰ ਵਿੱਚ 250 ਰੁਪੈ ਦਾ ਸਿੱਕਾ ਜਾਰੀ ਕੀਤਾ ਹੈ ਜੋ ਸਿੱਖਾਂ ਲਈ ਬੜੇ ਮਾਣ ਸਤਿਕਾਰ ਵਾਲੀ ਗੱਲ ਹੈ। ਸੰਨ 2016 ਵਿੱਚ ਗੁਰੂ ਨਾਨਕ ਸਿੱਖ ਅਕੈਡਮੀ ਹੇਜ਼ (ਲੰਡਨ) ਵਿਖੇ ਬਾਬਾ ਬੰਦਾ ਸਿੰਘ ਬਹਾਦਰ ਦੀ 300 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਤਿ ਸਿੱਖ ਰਾਜ ਦੀ ਸਥਾਪਨਾ ਕਰਨ ਵਾਲੇ ਮਹਾਨ ਜਰਨੈਲ ਬਾਬਾ ਬੰਦਾ ਸਿੰਘ ਬਹਾਦਰ ਦਾ ਬੁੱਤ ਲਗਾਇਆ ਗਿਆ ਹੈ ਤੇ ਭਾਰਤ ਵਿੱਚ ਰੋਜ਼ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਬੇਅਦਬੀ ਦੀਆਂ ਘਟਨਾਵਾਂ ਵਾਪਰ ਰਹੀਆਂ ਹਨ। ਕੋਈ ਦੋਸ਼ੀ ਫੜਿਆ ਨਹੀ ਗਿਆ ਹੈ, ਜੇ ਕੋਈ ਫੜਿਆ ਵੀ ਗਿਆ ਹੈ ਤਾਂ ਕਿਸੇ ਦੋਸ਼ੀ ਨੂੰ ਕੋਈ ਸਜ਼ਾ ਨਹੀ ਦਿੱਤੀ ਗਈ। ਕਿਸੇ ਲੇਖਕ ਨੇ 84 ਦੇ ਸੀਨ ਬਾਰੇ ਬੜੇ ਸੁੰਦਰ ਸ਼ਬਦ ਲਿਖੇ ਹਨ ਕਿ ਦਰਬਾਰ ਸਾਹਿਬ ਤੇ ਐਨੇ ਹਮਲੇ ਹੋਣ ਦੇ ਬਾਵਜੂਦ ਵੀ ਸ੍ਰੀ ਅਕਾਲ ਤਖਤ ਸਾਹਿਬ ਛਾਤੀ ਚੌੜੀ ਕਰਕੇ ਅੱਜ ਵੀ ਖੜਾ ਹੈ। ਦੋ ਨਿਸ਼ਾਨ ਸਾਹਿਬ ਹਵਾ ਵਿੱਚ ਅੱਜ ਵੀ ਬੜੇ ਬੇਪ੍ਰਵਾਹ ਝੂਲ ਰਹੇ, ਇਸ ਗੱਲ ਦਾ ਸੰਕੇਤ ਦੇ ਰਹੇ ਹਨ ਕਿ ਮੈਨੂੰ ਖਤਮ ਕਰਨ ਵਾਲਿਆਂ ਦੀਆਂ ਪੀੜ੍ਹੀਆਂ ਨਾਸ ਹੋ ਜਾਣਗੀਆਂ, ਖਤਮ ਹੋ ਜਾਣਗੀਆਂ, ਪਰ ਗੁਰੂ ਸਾਹਿਬ ਜੀ ਦੀ ਬਖਸ਼ਿਸ਼ ਇਹ ਨਿਸ਼ਾਨੀਆਂ ਰਹਿੰਦੀ ਦੁਨੀਆਂ ਤੱਕ ਅਬਾਦ ਰਹਿਣਗੀਆਂ, ਜ਼ਿੰਦਾਬਾਦ ਰਹਿਣਗੀਆਂ। ਵਾਹਿਗੁਰੂ ਜੀ।

**-ਧਰਮਿੰਦਰ ਸਿੰਘ(ਚੱਬਾ), ਪਿੰਡ ਤੇ ਡਾਕ: ਚੱਬਾ, ਤਰਨਤਾਰਨ ਰੋਡ, ਅੰਮ੍ਰਿਤਸਰ**

## ਜਨਮ ਦਿਨ ਮੁਬਾਰਕ



**ਮਹਿਤਾਬ ਸਿੰਘ ਚਹਿਲ**
ਮਾਤਾ : ਕੁਲਵਿੰਦਰ ਕੌਰ
ਪਿਤਾ : ਸੁਖਵੀਰ ਸਿੰਘ ਸੁੱਖੀ
**ਓਐਸਡੀ ਮੁੱਖ ਮੰਤਰੀ ਪੰਜਾਬ**

ਆਵਾਜ਼ਿ ਕੌਮ AWAZE QAUM International Newspaper & WEB TV

ਪ੍ਰਧਾਨ, ਸੀਨੀਅਰ ਮੀਤ ਪ੍ਰਧਾਨ ਭਾਰਤੀ ਕਿਸਾਨ ਯੂਨੀਅਨ ਪੁਆਧ ਨੇ ਕਿਹਾ

# ਇਨਸਾਫ ਮਿਲਣ ਤੱਕ ਦਸਤਾਰਧਾਰੀ ਐਡਵੋਕੇਟ ਨਾਲ ਡਟਾਂਗੇ

**ਚੰਡੀਗੜ੍ਹ, 25 ਜੂਨ (ਆਵਾਜ਼ੇ ਕੌਮ ਬਿਊਰੋ)**-ਅੱਜ ਭਾਰਤੀ ਕਿਸਾਨ ਯੂਨੀਅਨ ਪੁਆਧ ਦੇ ਪ੍ਰਧਾਨ ਤੇ ਸੀਨੀਅਰ ਮੀਤ ਪ੍ਰਧਾਨ, ਤਰਲੋਚਨ ਸਿੰਘ ਤੇ ਰੁਸਤਮ, ਹੋਰ ਸਾਥੀਆਂ ਸਮੇਤ ਪੀੜਿਤ ਦਸਤਾਰਧਾਰੀ ਐਡਵੋਕੇਟ ਨਵਦੀਪ ਕੌਰ ਤੇ ਉਹਨਾਂ ਦੀ ਭੈਣ ਨੂੰ ਲੈ ਕੇ ਸੰਦੀਪ ਕੁਮਾਰ ਗਰਗ ਐਸਐਸ ਪੀ ਮੋਹਾਲੀ ਨਾਲ ਮੁਲਾਕਾਤ ਕੀਤੀ ।ਜਿੱਥੇ ਉਹਨਾਂ ਵੱਲੋਂ ਐਸਐਸਪੀ ਸੰਦੀਪ ਕੁਮਾਰ ਗਰਗ ਸਾਹਿਬ ਨੂੰ ਦੁਬਾਰਾ ਪੜਤਾਲ ਕਰਨ ਦੀ ਅਰਜੀ ਦਿੱਤੀ ਗਈ ।ਜੋ ਅਰਜੀ ਐਸਐਸਪੀ ਸਾਹਿਬ ਨੇ ਬੁਮੈਨ ਐਸਪੀ ਸਾਹਿਬ ਨੂੰ ਮਾਰਕ ਕਰ ਦਿੱਤੀ । ਆਵਾਜ਼ ਕੌਮ ਟੀਵੀ ਦੇ ਪੱਤਰਕਾਰ ਪਰਗਟ ਸਿੰਘ ਨਾਲ ਗੱਲ ਕਰਦਿਆਂ ਭਾਰਤੀ ਕਿਸਾਨ ਯੂਨੀਅਨ ਪੁਆਧ ਦੇ ਨੁਮਾਇੰਦਿਆਂ ਨੇ ਕਿਹਾ ਕਿ ਅਸੀਂ ਐਡਵੋਕੇਟ ਤੇ ਉਹਦੀ ਭੈਣ ਨੂੰ ਇਨਸਾਫ ਮਿਲਣ ਤੱਕ ਇਹਨਾਂ ਦੇ ਨਾਲ ਡਟੇ ਰਹਾਂਗੇ ।ਵਿਸਥਾਰ ਸਹਿਤ ਪੂਰਾ ਮਾਮਲਾ 19 ਜੂਨ ਵਾਲੀ ਖਬਰ ਵਿਚ ਆਵਾਜੇ ਕੌਮ ਟੀਵੀ ਵਲੋਂ ਦਰਸ਼ਕਾਂ ਸਾਹਮਣੇ ਰੱਖਿਆ ਗਿਆ ਸੀ ।



ਆਵਾਜ਼ਿ ਕੌਮ AWAZE QAUM International Newspaper & WEB TV

**ਕੀ ਕਿਹਾ ਐਸਐਸਪੀ ਸੰਦੀਪ ਕੁਮਾਰ ਗਰਗ ਸਾਹਿਬ ਨੇ ?**

ਐਸਐਸਪੀ ਸੰਦੀਪ ਗਰਗ ਸਾਹਿਬ ਨੇ ਕਿਸਾਨ ਯੂਨੀਅਨ ਦੇ ਨੁਮਾਦਿਆਂ ਨੂੰ ਪੂਰਨ ਭਰੋਸਾ ਦਵਾਇਆ ਕਿ ਕਿਸੇ ਵੀ ਬੇਕਸੂਰ ਨਾਲ ਧੱਕਾ ਨਹੀਂ ਹੋਵੇਗਾ ।ਲੋਕਾਂ ਨੂੰ ਇਨਸਾਫ ਦੇਣਾ ਤੇ ਲੋਕਾਂ ਦੀ ਸੇਵਾ ਕਰਨਾ ਹੀ ਸਾਡੀ ਜਿੰਮੇਵਾਰੀ ਹੈ ।ਕਾਨੂੰਨ ਮੁਤਾਬਕ ਪੜਤਾਲ ਕਰਕੇ ਸੱਚ ਸਾਹਮਣੇ ਲਿਆਂਦਾ ਜਾਵੇਗਾ ।

**ਕੀ ਕੁਝ ਕਿਹਾ ਦਸਤਾਰਧਾਰੀ ਐਡਵੋਕੇਟ ਨਵਦੀਪ ਕੌਰ ਨੇ ?**

ਦਸਤਾਰਧਾਰੀ ਐਡਵੋਕੇਟ ਨਵਦੀਪ ਕੌਰ ਨੇ ਸਾਡੇ ਪੱਤਰਕਾਰ ਪਰਗਟ ਸਿੰਘ ਨਾਲ ਗੱਲ ਕਰਦਿਆਂ ਕਿਹਾ ਕਿ ਮੈਂ ਵਾਹਿਗੁਰੂ ਜੀ ਦਾ ਸ਼ੁਕਰ ਕਰਦੀ ਹਾਂ ਜਿਨਾਂ ਦੀ ਕਿਰਪਾ ਸਦਕਾ ਮੈਨੂੰ ਸੰਗਤਾਂ ਵੱਲੋਂ ਇਨਾ ਸਹਿਯੋਗ ਮਿਲ ਰਿਹਾ ਹੈ ।ਜਿਸ ਸਹਿਯੋਗ ਲਈ ਮੈਂ ਸਾਰੀਆਂ ਸੰਗਤਾਂ ਦਾ ਦਿਲੋਂ ਧੰਨਵਾਦ ਕਰਦੀ ਹਾਂ ।ਉਹਨਾਂ ਨੇ ਸਪੈਸ਼ਲ ਅਵਾਜ਼ੇ ਕੌਮ ਟੀਵੀ ਤੇ ਚੈਨਲ ਦੇ ਪੱਤਰਕਾਰ ਪਰਗਟ ਸਿੰਘ ਬਲ਼ਬੇੜ੍ਹਾ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਜਿਸ ਨਿਧੜਕਤਾ ਤੇ ਨਿਡਰਤਾ ਸੱਚ ਨਾਲ ਖੜ ਰਹੇ ਨੇ , ਇਨਾ ਵਰਗੇ ਚੈਨਲਾਂ ਤੇ ਪੱਤਰਕਾਰਾਂ ਕਰਕੇ ਕਿਸੇ ਵੀ ਮਜ਼ਲੂਮ ਬੇਗੁਨਾਹ ਨਾਲ ਧੱਕਾ ਨਹੀਂ ਹੋ ਸਕਦਾ ।ਉਹਨਾਂ ਜੀਰਕਪੁਰ ਪ੍ਰੈੱਸ ਕਲੱਬ ਆਫ਼ ਪੰਜਾਬ ਦੇ ਪ੍ਰਧਾਨ ਬਿੰਦਰ ਸੰਧੂ ਤੇ ਉਹ ਸਾਰੇ ਪੱਤਰਕਾਰ ਵੀਰਾਂ ਦਾ ਧੰਨਵਾਦ ਕੀਤਾ , ਜਿਨਾਂ ਦੇ ਸਹਿਯੋਗ ਨਾਲ ਮੇਰੇ ਵਰਗੀ ਪੀੜਤ ਦੀ ਆਵਾਜ਼ ਲੋਕਾਂ ਤੱਕ ਪਹੁੰਚੀ । ਉਹਨਾਂ ਨੇ ਕਿਹਾ ਕਿ ਮੈਂ ਬਲਜਿੰਦਰ ਸਿੰਘ ਪਰਵਾਨਾ ਦਮਦਮੀ ਟਕਸਾਲ ਰਾਜਪੁਰਾ ਦਾ ਵੀ ਸਪੈਸ਼ਲ ਧੰਨਵਾਦ ਕਰਦੀ ਹਾਂ ਜਿਨਾਂ ਨੇ ਆਪਣੇ ਕੀਮਤੀ ਸਮੇਂ ਵਿੱਚੋਂ ਟਾਈਮ ਕੱਢ ਕੇ, ਮੈਨੂੰ ਇਨਸਾਫ ਦਵਾਉਣ ਵਾਸਤੇ ਡੇਰਾ ਬੱਸੀ ਦੀਆਂ ਸੰਗਤਾਂ ਸਮੇਤ, ਥਾਣਾ ਇੰਚਾਰਜ ਡੇਰਾ ਬਸੀ ਨਾਲ ਮੁਲਾਕਾਤ ਕੀਤੀ ਸੀ ।ਸੱਚ ਦਾ ਸਾਥ ਦੇਣ ਲਈ ਜਿੰਨੇ ਵੀ ਭੈਣ ਭਰਾ ਮੇਰੇ ਨਾਲ ਖੜੇ ਮੈਂ ਸਾਰਿਆਂ ਦਾ ਦਿਲੋਂ ਧੰਨਵਾਦ ਕਰਦੀ ਹਾਂ।

### ਪ੍ਰਧਾਨ, ਸੀਨੀਅਰ ਮੀਤ ਪ੍ਰਧਾਨ ਭਾਰਤੀ ਕਿਸਾਨ ਯੂਨੀਅਨ ਪੁਆਧ ਨੇ ਕਿਹਾ

# ਇਨਸਾਫ ਮਿਲਣ ਤੱਕ ਦਸਤਾਰਧਾਰੀ ਐਡਵੋਕੇਟ ਨਾਲ ਡਟਾਂਗੇ



**ਲੁਧਿਆਣਾ, 25 ਜੂਨ (ਆਵਾਜ਼ਿ ਕੌਮ ਬਿਊਰੋ)**-ਅੱਜ ਭਾਰਤੀ ਕਿਸਾਨ ਯੂਨੀਅਨ ਪੁਆਧ ਦੇ ਪ੍ਰਧਾਨ ਤੇ ਸੀਨੀਅਰ ਮੀਤ ਪ੍ਰਧਾਨ, ਤਰਲੋਚਨ ਸਿੰਘ ਤੇ ਰੁਸਤਮ, ਹੋਰ ਸਾਥੀਆਂ ਸਮੇਤ ਪੀੜਿਤ ਦਸਤਾਰਧਾਰੀ ਐਡਵੋਕੇਟ ਨਵਦੀਪ ਕੌਰ ਤੇ ਉਹਨਾਂ ਦੀ ਭੈਣ ਨੂੰ ਲੈ ਕੇ ਸੰਦੀਪ ਕੁਮਾਰ ਗਰਗ ਐਸਐਸ ਪੀ ਮੋਹਾਲੀ ਨਾਲ ਮੁਲਾਕਾਤ ਕੀਤੀ ।ਜਿੱਥੇ ਉਹਨਾਂ ਵੱਲੋਂ ਐਸਐਸਪੀ ਸੰਦੀਪ ਕੁਮਾਰ ਗਰਗ ਸਾਹਿਬ ਨੂੰ ਦੁਬਾਰਾ ਪੜਤਾਲ ਕਰਨ ਦੀ ਅਰਜੀ ਦਿੱਤੀ ਗਈ ।ਜੋ ਅਰਜੀ ਐਸਐਸਪੀ ਸਾਹਿਬ ਨੇ ਬੂਮੈਨ ਐਸਪੀ ਸਾਹਿਬ ਨੂੰ ਮਾਰਕ ਕਰ ਦਿੱਤੀ ।ਆਵਾਜ਼ ਕੌਮ ਟੀਵੀ ਦੇ ਪੱਤਰਕਾਰ ਪਰਗਟ ਸਿੰਘ ਨਾਲ ਗੱਲ ਕਰਦਿਆਂ ਭਾਰਤੀ ਕਿਸਾਨ ਯੂਨੀਅਨ ਪੁਆਧ ਦੇ ਨੁਮਾਇੰਦਿਆਂ ਨੇ ਕਿਹਾ ਕਿ ਅਸੀਂ ਐਡਵੋਕੇਟ ਤੇ ਉਹਦੀ ਭੈਣ ਨੂੰ ਇਨਸਾਫ ਮਿਲਣ ਤੱਕ ਇਹਨਾਂ ਦੇ ਨਾਲ ਡਟੇ ਰਹਾਂਗੇ। ਵਿਸਥਾਰ ਸਹਿਤ ਪੂਰਾ ਮਾਮਲਾ 19 ਜੂਨ ਵਾਲੀ ਖਬਰ ਵਿਚ ਆਵਾਜੇ ਕੌਮ ਟੀਵੀ ਵਲੋਂ ਦਰਸ਼ਕਾਂ ਸਾਹਮਣੇ ਰੱਖਿਆ ਗਿਆ ਸੀ ।

**ਕੀ ਕਿਹਾ ਐਸਐਸਪੀ ਸੰਦੀਪ ਕੁਮਾਰ ਗਰਗ ਸਾਹਿਬ ਨੇ ?**

ਐਸਐਸਪੀ ਸੰਦੀਪ ਗਰਗ ਸਾਹਿਬ ਨੇ ਕਿਸਾਨ ਯੂਨੀਅਨ ਦੇ ਨੁਮਾਦਿਆਂ ਨੂੰ ਪੂਰਨ ਭਰੋਸਾ ਦਵਾਇਆ ਕਿ ਕਿਸੇ ਵੀ ਬੇਕਸੂਰ ਨਾਲ ਧੱਕਾ ਨਹੀਂ ਹੋਵੇਗਾ । ਲੋਕਾਂ ਨੂੰ ਇਨਸਾਫ ਦੇਣਾ ਤੇ ਲੋਕਾਂ ਦੀ ਸੇਵਾ ਕਰਨਾ ਹੀ ਸਾਡੀ ਜਿੰਮੇਵਾਰੀ ਹੈ । ਕਾਨੂੰਨ ਮੁਤਾਬਕ ਪੜਤਾਲ ਕਰਕੇ ਸੱਚ ਸਾਹਮਣੇ ਲਿਆਂਦਾ ਜਾਵੇਗਾ ।

**ਕੀ ਕੁਝ ਕਿਹਾ ਦਸਤਾਰਧਾਰੀ ਐਡਵੋਕੇਟ ਨਵਦੀਪ ਕੌਰ ਨੇ ?**

ਦਸਤਾਰਧਾਰੀ ਐਡਵੋਕੇਟ ਨਵਦੀਪ ਕੌਰ ਨੇ ਸਾਡੇ ਪੱਤਰਕਾਰ ਪਰਗਟ ਸਿੰਘ ਨਾਲ ਗੱਲ ਕਰਦਿਆਂ ਕਿਹਾ ਕਿ ਮੈਂ ਵਾਹਿਗੁਰੂ ਜੀ ਦਾ ਸ਼ੁਕਰ ਕਰਦੀ ਹਾਂ ਜਿਨਾਂ ਦੀ ਕਿਰਪਾ ਸਦਕਾ ਮੈਨੂੰ ਸੰਗਤਾਂ ਵੱਲੋਂ ਇਨਾ ਸਹਿਯੋਗ ਮਿਲ ਰਿਹਾ ਹੈ । ਜਿਸ ਸਹਿਯੋਗ ਲਈ ਮੈਂ ਸਾਰੀਆਂ ਸੰਗਤਾਂ ਦਾ ਦਿਲੋਂ ਧੰਨਵਾਦ ਕਰਦੀ ਹਾਂ ।ਉਹਨਾਂ ਨੇ ਸਪੈਸ਼ਲ ਅਵਾਜ਼ੇ ਕੌਮ ਟੀਵੀ ਤੇ ਚੈਨਲ ਦੇ ਪੱਤਰਕਾਰ ਪਰਗਟ ਸਿੰਘ ਬਲ੍ਹਬੇੜ੍ਹਾ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਜਿਸ ਨਿਧੜਕਤਾ ਤੇ ਨਿਡਰਤਾ ਨਾਲ ਸੱਚ ਨਾਲ ਖੜ ਰਹੇ ਨੇ , ਇਨਾ ਵਰਗੇ ਚੈਨਲਾਂ ਤੇ ਪੱਤਰਕਾਰਾਂ ਕਰਕੇ ਕਿਸੇ ਵੀ ਮਜ਼ਲੂਮ ਬੇਗੁਨਾਹ ਨਾਲ ਧੱਕਾ ਨਹੀਂ ਹੋ ਸਕਦਾ ।ਉਹਨਾਂ ਜੀਰਕਪੁਰ ਪ੍ਰੈੱਸ ਕਲੱਬ ਆਫ਼ ਪੰਜਾਬ ਦੇ ਪ੍ਰਧਾਨ ਬਿੰਦਰ ਸੰਧੂ ਤੇ ਉਹ ਸਾਰੇ ਪੱਤਰਕਾਰ ਵੀਰਾਂ ਦਾ ਧੰਨਵਾਦ ਕੀਤਾ , ਜਿਨਾਂ ਦੇ ਸਹਿਯੋਗ ਨਾਲ ਮੇਰੇ ਵਰਗੀ ਪੀੜਤ ਦੀ ਆਵਾਜ਼ ਲੋਕਾਂ ਤੱਕ ਪਹੁੰਚੀ ।ਉਹਨਾਂ ਨੇ ਕਿਹਾ ਕਿ ਮੈਂ ਬਲਜਿੰਦਰ ਸਿੰਘ ਪਰਵਾਨਾ ਦਮਦਮੀ ਟਕਸਾਲ ਰਾਜਪੁਰਾ ਦਾ ਵੀ ਸਪੈਸ਼ਲ ਧੰਨਵਾਦ ਕਰਦੀ ਹਾਂ ਜਿਨਾਂ ਨੇ ਆਪਣੇ ਕੀਮਤੀ ਸਮੇਂ ਵਿੱਚੋਂ ਟਾਈਮ ਕੱਢ ਕੇ, ਮੈਨੂੰ ਇਨਸਾਫ ਦਵਾਉਣ ਵਾਸਤੇ ਡੇਰਾ ਬੱਸੀ ਦੀਆਂ ਸੰਗਤਾਂ ਸਮੇਤ, ਥਾਣਾ ਇੰਚਾਰਜ ਡੇਰਾ ਬਸੀ ਨਾਲ ਮੁਲਾਕਾਤ ਕੀਤੀ ਸੀ ।ਸੱਚ ਦਾ ਸਾਥ ਦੇਣ ਲਈ ਜਿੰਨੇ ਵੀ ਭੈਣ ਭਰਾ ਮੇਰੇ ਨਾਲ ਖੜੇ ਮੈਂ ਸਾਰਿਆਂ ਦਾ ਦਿਲੋਂ ਧੰਨਵਾਦ ਕਰਦੀ ਹਾਂ।

### ਸੱਚਖੰਡ ਸ੍ਰੀ ਪਟਨਾ ਸਾਹਿਬ ਦੇ ਦਰਸ਼ਨਾਂ ਲਈ

# ਫ਼ਿਰੋਜ਼ਪੁਰ ਤੋਂ ਸੰਗਤਾਂ ਹੋਈਆਂ ਰਵਾਨਾ



**ਫ਼ਿਰੋਜ਼ਪੁਰ, 25 ਜੂਨ (ਮਨੋਹਰ ਲਾਲ)** :— ਇਲਾਕਾ ਨਿਵਾਸੀਆਂ ਦੀ ਧਾਰਮਿਕ ਅਵਸਥਾ ਨੂੰ ਸਮਝਦੇ ਹੋਏ ਬਾਬਾ ਬੁੱਢਾ ਜੀ ਗ੍ਰੰਥੀ ਪਾਠੀ ਸਭਾ ਰਜਿਸਟਰਡ ਵੱਲੋਂ ਫ਼ਿਰੋਜ਼ਪੁਰ ਤੋਂ ਇਕ ਜਥਾ ਸੱਚਖੰਡ ਸ੍ਰੀ ਪਟਨਾ ਸਾਹਿਬ ਨੂੰ ਰਵਾਨਾ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਬਾਬਾ ਬੁੱਢਾ ਜੀ ਗ੍ਰੰਥੀ ਪਾਠੀ ਸਭਾ ਦੇ ਸਕੱਤਰ ਭਾਈ ਅਵਤਾਰ ਸਿੰਘ ਫੌਜੀ ਨੇ ਦੱਸਿਆ ਕਿ ਸੰਸਥਾ ਦੇ ਚੇਅਰਮੈਨ ਭਾਈ ਸਤਨਾਮ ਸਿੰਘ ਸਾਜਨ ਦੀ ਅਗਵਾਈ ਹੇਠ ਧੰਨ—ਧੰਨ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਮਹਾਰਾਜ ਜੀ ਦੇ ਪ੍ਰਕਾਸ਼ ਅਸਥਾਨ ਸੱਚਖੰਡ ਸ੍ਰੀ ਪਟਨਾ ਸਾਹਿਬ ਦੇ ਦਰਸ਼ਨ ਦੀਦਾਰੇ ਕਰਨ ਵਾਸਤੇ ਜਥਾ ਰਵਾਨਾ ਹੋਇਆ ਹੈ। ਜਥਾ ਰਵਾਨਾ ਕਰਨ ਤੋਂ ਪਹਿਲਾਂ ਅਰਦਾਸ ਬੇਨਤੀ ਕੀਤੀ ਗਈ, ਜਿਸ ਉਪਰੰਤ ਸਤਿਗੁਰੂ ਜੀ ਦੀ ਗੁਰੂ ਕੀਆਂ ਸੰਗਤਾਂ ਦੀ ਯਾਤਰਾ ਲਈ ਚੜ੍ਹਦੀ ਕਲਾਂ ਵਿਚ ਬਖਸ਼ਿਸ਼ ਕਰਨ ਅਤੇ ਸੰਗਤਾਂ ਨੂੰ ਖੁੱਲੇ ਦਰਸ਼ਨ ਦੀਦਾਰੇ ਬਖਸ਼ਿਸ਼ ਕਰਨ ਦੀ ਕਾਮਨਾ ਕੀਤੀ ਗਈ। ਇਸ ਮੌਕੇ ਭਾਈ ਸਤਨਾਮ ਸਿੰਘ ਸਾਜਨ ਨੇ ਸਤਿਗੁਰੂ ਜੀ ਦਾ ਧੰਨਵਾਦ ਕੀਤਾ ਅਤੇ ਜਥੇ ਨੂੰ ਅਪੀਲ ਕੀਤੀ ਕਿ ਸਾਰੀ ਸੰਗਤ ਇਕੱਠੀ ਰਹਿ ਕੇ ਰਾਸਤੇ ਵਿਚ ਵਾਹਿਗੁਰੂ ਜੀ ਦੇ ਜਾਪ ਕਰਦੇ ਹੋਏ ਚੱਲਣਗੇ। ਇਸ ਮੌਕੇ ਚੇਅਰਮੈਨ ਭਾਈ ਸਤਨਾਮ ਸਿੰਘ ਸਾਜਨ, ਪ੍ਰਧਾਨ ਭਾਈ ਹਰਮੀਤ ਸਿੰਘ, ਵਾਈਸ ਚੇਅਰਮੈਨ ਭਾਈ ਹਰਭਜਨ ਸਿੰਘ ਰਖੜੀ, ਖਜਾਨਚੀ ਗੁਰਵਿੰਦਰ ਸਿੰਘ, ਮੀਤ ਖਜਾਨਚੀ ਗੁਰਨਾਮ ਸਿੰਘ, ਮੀਤ ਪ੍ਰਧਾਨ ਭਾਈ ਕੁਲਵੰਤ ਸਿੰਘ, ਸਕੱਤਰ ਭਾਈ ਅਵਤਾਰ ਸਿੰਘ ਫੌਜੀ, ਭਾਈ ਅੰਮ੍ਰਿਤਪਾਲ ਸਿੰਘ ਅਤੇ ਸਭਾ ਦੇ ਹੋਰ ਮੈਂਬਰ ਜਥੇ ਨੂੰ ਰਵਾਨਾ ਕਰਨ ਸਮੇਂ ਹਾਜ਼ਰ ਸਨ।

# ਜੱਚਾ-ਬੱਚਾ ਸਿਹਤ ਸੇਵਾਵਾਂ ਸਬੰਧੀ ਸਮੂਹ ਬਲਾਕ ਐਕਸਟੇਂਸ਼ਨ ਐਜੂਕੇਟਰਾਂ ਅਤੇ ਐਲ.ਐਚ.ਵੀ. ਨਾਲ ਕੀਤੀ ਅਹਿਮ ਮੀਟਿੰਗ



**ਚੌਕ ਮਹਿਤਾ, 25 ਜੂਨ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਦਫਤਰ ਸਿਵਲ ਸਰਜਨ ਵਿਖੇ ਸਿਵਲ ਸਰਜਨ ਅੰਮ੍ਰਿਤਸਰ ਡਾ ਸੁਮੀਤ ਸਿੰਘ ਜੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜੱਚਾ-ਬੱਚਾ ਸਿਹਤ ਸੇਵਾਵਾਂ ਵਿਚ ਸੁਧਾਰ ਲਿਆਉਣ ਲਈ ਸਮੂਹ ਬਲਾਕ ਐਕਸਟੇਂਸ਼ਨ ਐਜੂਕੇਟਰਾਂ ਨਾਲ ਇੱਕ ਅਹਿਮ ਮੀਟਿੰਗ ਕੀਤੀ ਗਈ। ਇਸ ਅਵਸਰ ਤੇ ਜਿਲਾ੍ ਪਰਿਵਾਰ ਭਲਾਈ ਅਫਸਰ ਡਾ ਨੀਲਮ ਭਗਤ ਅਤੇ ਜਿਲ੍ਹਾ ਟੀਕਾਕਰਣ ਅਫਸਰ ਡਾ ਭਾਰਤੀ ਧਵਨ ਵਲੋਂ ਕਿਹਾ ਕਿ ਮਟਰਨਲ ਅਤੇ ਚਾਇਲਡ ਡੈਥ ਰੇਟ ਵਿਚ ਸੁਧਾਰ ਲਿਆਉਣ ਲਈ ਸਭ ਤੋਂ ਜਰੂਰੀ ਹੈ ਕਿ ਗਰਭਵਤੀ ਮਾਵਾ ਦੀ ਜਲਦੀ ਰਜਿਸਟ੍ਰੇਸ਼ਨ ਕੀਤੀ ਜਾਵੇ ਤਾਂ ਜੋ ਸਮੇਂ ਸਿਰ ਹਾਈਰਿਸਕ ਕੇਸਾਂ ਦੀ ਪਹਿਚਣ ਹੋ ਸਕੇ ਅਤੇ ਸਮੇਂ ਤੇ ਸਿਰ ਇਲਾਜ ਕਰਵਾਇਆ ਜਾ ਸਕੇ ।ਉਹਨਾਂ ਕਿਹਾ ਕਿ ਬਹੁਤ ਸਾਰੇ ਹਾਈਰਿਸਕ ਕੇਸਾਂ ਵਿਚ ਗਰਭਵਤੀ ਮਾਵਾਂ ਅਨੀਮੀਆ, ਸ਼ੂਗਰ, ਹਾਈਪਰਟੇਂਸ਼ਨ, ਪ੍ਰੀਵੀਅਸ ਸਜੇਰੀਅਨ, ਉਮਰ17 ਤੋਂ ਘੱਟ ਜਾਂ 35 ਤੋਂ ਵੱਧ ਹੋਣਾਂ, ਭਾਰ ਬਹੁਤ ਜਿਆਦਾ ਘੱਟ ਜਾਂ ਵੱਧ ਹੋਣਾਂ, ਕੱਦ ਬਹੁਤ ਛੋਟਾ ਹੋਣਾਂ, ਸ਼ਰੀਰ ਅਤੇ ਪੈਰਾਂ ਤੇ ਸੋਜ ਪੈਣੀ, ਦੌਰੇ ਪੈਣਾਂ, ਵਾਰ-ਵਾਰ ਖੂਨ ਪੈਣਾਂ, ਬੱਚਾ ਬ੍ਰੀਚ ਹੋਣਾਂ, ਮਲਟੀਪਲ ਅਬਾਰਸ਼ਨ ਹੋਣਾਂ, ਜੌੜੇ ਬੱਚੇ ਹੋਣਾਂ ਜਾਂ ਪਹਿਲਾਂ ਸਟਿਲ ਬਰਥ ਹਿਸਟਰੀ ਹੋਣਾਂ ਆਦਿ ਸ਼ਾਮਲ ਹੁੰਦਾ ਹੈ, ਜੇਕਰ ਕਿਸੇ ਨੂੰ ਵੀ ਪਹਿਲਾਂ ਤੋਂ ਅਜਿਹੀ ਸੱਮਸਿਆ ਰਹੀ ਹੋਵੇ ਤਾਂ ਤੁਰੰਤ ਡਾਕਟਰੀ ਸਹਾਇਤਾ ਲਈ ਨਜਦੀਕ ਦੇ ਸਰਕਾਰੀ ਹੈਲਥ ਸੈਂਟਰ ਤੇ ਜਾ ਕੇ ਆਪਣੀ ਜਾਂਚ ਤੇ ਇਲਾਜ ਕਰਵਾਉਣਾਂ ਚਾਹੀਦਾ ਹੈ। ਉਹਨਾਂ ਇਸ ਮੌਕੇ ਬੜੇ ਹੀ ਵਿਸ਼ਥਾਰ ਨਾਲ ਜੱਚਾ-ਬੱਚਾ ਸਿਹਤ ਸੰਭਾਲ, ਟੀਕਾਰਣ, ਜੇ.ਐਸ.ਐਸ.ਕੇ., ਫੈਮਲੀ ਪਲੈਨਿੰਗ, ਸੈਕਸ ਰੇਸ਼ੋ, ਨੈਸ਼ਨਲ ਹੈਲਥ ਪ੍ਰੋਗਰਾਮ, ਮਟਰਨਲ ਅਤੇ ਚਾਇਲਡ ਡੈਥ ਦੇ ਕਾਰਣ, ਇਲਾਜ ਅਤੇ ਸਵਧਾਨੀਆਂ ਸੰਬਧੀ ਟਰੇਨਿੰਗ ਦਿੱਤੀ ਗਈ ਅਤੇ ਕਿਹਾ ਗਿਆ ਕਿ ਇਸ ਟ੍ਰੇਨਿੰਗ ਦਾ ਮੱਖ ਮੰਤਵ ਜਿਲੇ੍ ਵਿਚ ਐਮ.ਐਮ.ਆਰ. ਅਤੇ ਸੀ.ਡੀ.ਆਰ. ਨੂੰ ਘਟਾਉਣਾ ਹੈ।ਇਸ ਮੌਕੇ ਤੇ ਜਿਲਾ੍ ਐਮ.ਈ.ਆਈ.ਓ. ਅਮਰਦੀਪ ਸਿੰਘ, ਡਾ ਰਾਘਵ ਗੁਪਤਾ, ਡਾ ਵਨੀਤ, ਬਲਾਕ ਐਜੁਕੇਟਰ ਰਣਜੀਤ ਕੁਮਾਰ, ਪੂਜਾ ਸ਼ਰਮਾਂ, ਸ਼ੁਸ਼ਮਾਂ ਸ਼ਰਮਾਂ, ਜਗਦੀਪ ਸਿੰਘ, ਮਨਦੀਪ ਕੌਰ ਅਤੇ ਸਮੂਹ ਸਟਾਫ ਹਾਜਰ ਸਨ।

## ਕੁੱਝ ਸੱਜਣ

ਕੁੱਝ ਸੱਜਣ ਦੁੱਖਾਂ ਵੇਲੇ ਛੱਡ ਜਾਂਦੇ
ਕੁੱਝ ਖੜ ਕੇ ਨਾਲ ਸਵਾਹ ਬਣਦੇ
ਕੁੱਝ ਮੁੱਕਰ ਜਾਂਦੇ ਕੌਲ ਕਰਾਰਾਂ ਤੋ
ਕੁੱਝ ਦੁੱਖ ਸੁੱਖ ਦੇ ਗਵਾਹ ਬਣਦੇ
ਕੁੱਝ ਬੀਜ ਜਾਂਦੇ ਰਾਹੀ ਕੰਡਿਆਂ ਨੂੰ
ਕੁੱਝ ਮੰਜਿਲਾਂ ਦਾ ਨੇ ਰਾਹ ਬਣਦੇ
ਕੁੱਝ ਖੋਹ ਲੈਂਦੇ ਮੇਰੇ ਹਾਸਿਆਂ ਨੂੰ
ਕੁੱਝ ਮੇਰੀ ਜ਼ਿੰਦਗੀ ਦੇ ਚਾਅ ਬਣਦੇ
ਕੁੱਝ ਤਰਦੇ ਨੂੰ ਵੀ ਨੇ ਡੋਬ ਜਾਂਦੇ
ਕੁੱਝ ਮੇਰੀ ਕਿਸ਼ਤੀ ਦੇ ਮਲਾਹ ਬਣਦੇ
ਕੁੱਝ ਮੇਰੀ ਜਾਨ ਵੀ ਬਖਸ਼ ਦੇ ਨਾ
ਕੁੱਝ ਮੇਰੇ ਨੇ ਯਾਰੋ ਸਾਹ ਬਣਦੇ
ਕੁੱਝ ਮੈਨੂੰ ਵਰਤ ਕੇ ਤੁਰ ਜਾਂਦੇ
ਕੁੱਝ ਪ੍ਰਗਟ ਦੇ ਖ਼ੈਰ ਖਵਾਹ ਬਣਦੇ

-ਪ੍ਰਗਟ ਸਿੰਘ ਗਿੱਲ ਬਾਗੀ

# ਨੌਜਵਾਨਾਂ ਸਭਾਵਾਂ ਹਰਿਆਵਲ ਵਧਾਉਣ ਲਈ ਆਈਆਂ ਅਗੇ : ਇੰਜੀ ਮਨਜੀਤ ਸੈਣੀ



**ਚੌਕ ਮਹਿਤਾ, 25 ਜੂਨ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਵਾਤਾਵਰਨ ਤਾਪਮਾਨ ਵਿੱਚ ਕਾਫੀ ਵਾਧਾ ਹੋਣ ਅਤੇ ਜ਼ਮੀਨ ਦਾ ਪਾਣੀ ਲੈਵਲ ਨੀਵੇਂ ਜਾਣ ਦੀ ਖਤਰੇ ਦੀ ਘੰਟੀ ਨੂੰ ਭਾਂਪਦੇ ਹੋਏ , ਹਰ ਵਰਗ ਦੇ ਲੋਕ ਅਤੇ ਨੌਜਵਾਨ ਹਰਿਆਵਲ ਲਹਿਰ ਨਾਲ ਜੁੜਨੇ ਸ਼ੁਰੂ ਹੋ ਗਏ ਹਨ ਹਰਿਆਵਲ ਟੀਮ ਦੇ ਸੰਯੋਜਕ ਪ੍ਰੋਫੈਸਰ ਰਜੀਵ ਸ਼ਰਮਾ, ਏਕ ਪੇੜ ਦੇਸ਼ ਕੇ ਨਾਮ ਦੇ ਪ੍ਰਧਾਨ ਮਨਜੀਤ ਸਿੰਘ ਸੈਣੀ, ਸੀਨੀਅਰ ਵਾਈਸ ਪ੍ਰਧਾਨ ਸਰਦਾਰ ਇਕਵਾਲ ਸਿੰਘ ਤੁੰਗ ਅਤੇ ਵਿਸ਼ਾਲ ਜੀ ਨਾਲ ਰਲ ਅਮਨ ਜੀ , ਛੇਹਰਟਾ ਨਗਰ ਕਰਿਵਾ, ਹਰਜੀਤ ਜੀ , ਨੀਰਜ ਨੀਰ ਜੀ, ਕਵਿੰਦਰ , ਸੁਰੇਸ਼ , ਰਾਜਨ ਮਹਿਤਾ, ਮਦਨ ਜੁਲਕਾ, ਵਿਸ਼ਾਲ ਜੀ , ਵਾਰ ਹੀਰੋਜ਼ ਮੈਮੋਰੀਅਲ ਦੇ ਪ੍ਰਬੰਧਕ ਅਤੇ ਮੁਲਾਜ਼ਮਾਂ ਨੇ "ਵਾਰ ਹੀਰੋਜ਼ ਮੈਮੋਰੀਅਲ" ਦੇ ਸਾਹਮਣੇ ਪੌਦੇ ਲਗਾਏ ।ਪ੍ਰਬੰਧਕ ਅਤੇ ਮੁਲਾਜ਼ਮਾਂ ਵੱਲੋਂ ਇਸ ਦਾ ਪੂਰਾ ਪਾਲਣ ਪੋਸ਼ਣ ਕਰਨ ਦਾ ਜਿੰਮਾ ਲਿਆ ਜਦੋਂ ਕਿਸੇ ਮੁਹਿੰਮ ਵਿੱਚ ਦੇਸ਼ ਦੀ ਨੌਜਵਾਨ ਪੀੜੀ ਅੱਗੇ ਹੋ, ਵੱਧ ਚੜ ਕੇ ਫਰਜ਼ ਨਿਭਾਉਂਦੀ ਹੈ ਤਾਂ ਬਦਲਾਓ ਜ਼ੂਰ ਆਉਂਦਾ ਹੈ ਪੰਜਾਬ ਵਿੱਚ ਹਰਿਆਵਲ ਕਵਰ ਜੋ ਸਿਰਫ 4% ਰਹਿ ਗਿਆ ਹੈ, ਨੂੰ ਵਧਾਉਣ ਲਈ ਆਪਣਾ ਹਿੱਸਾ ਪਾਉਂਦਿਆਂ ਪਿੰਡ ਭੁੱਲਰ ਚੁਗਾਵਾਂ ਦੀ ਨੌਜਵਾਨ ਸਭਾ ਨੇ ਹਰਿਆਵਲ ਪੰਜਾਬ ਏਕ ਪੇੜ ਦੇਸ਼ ਕੇ ਨਾਮ , ਜ਼ਿਲ੍ਹਾ ਅੰਮ੍ਰਿਤਸਰ ਦੇ ਪ੍ਰਧਾਨ ਮਨਜੀਤ ਸਿੰਘ ਸੈਣੀ ਅਤੇ ਸੀਨੀਅਰ ਮੀਤ ਪ੍ਰਧਾਨ ਸਰਦਾਰ ਇਕਬਾਲ ਸਿੰਘ ਤੁੰਗ ਨਾਲ ਸ਼ਾਮਿਲ ਹੋ ਪਿੰਡ ਦੀਆਂ ਬਾਹਰਲੀਆਂ ਫਿਰਣੀਆਂ /ਸ਼ੜਕਾਂ ਤੇ ਅੱਜ 100 ਦੇ ਕਰੀਬ ਬੂਟੇ ਲਗਾਏ ।ਉਹਨਾਂ ਵੱਲੋਂ 2-3 ਸਾਲ ਪਹਿਲਾਂ ਬੂਟੇ ਲਗਾਏ ਵੀ ਦਿਖਾਏ , ਜਿੰਨ੍ਹਾ ਦੀ ਉਹ ਪੂਰੀ ਸੰਭਾਲ ਕਰ ਰਹੇ ਸਨ ।ਸੂਰਜ ਭੁੱਲਰ , ਅਮਨਦੀਪ ਸਿੰਘ , ਰੋਸ਼ਨ , ਸਰਦਾਰ ਮਹਿੰਦਰ ਸਿੰਘ , ਗੌਰਵ, ਯੋਗਾ ਭੁੱਲਰ ਅਤੇ ਇਹਨਾਂ ਦੇ ਹੋਰ ਸਾਥੀਆਂ ਨੇ ਅੱਜ ਪੂਰੀ ਗਰਮੀ ਵਿੱਚ ਪੌਦੇ ਲਗਾ , ਰੁੱਖਾਂ ਪ੍ਰਤੀ ਆਪਣਾ ਪਿਆਰ ਦਰਸਾਇਆ ਅਤੇ ਅਤੇ ਪ੍ਰਣ ਲਿਆ ਕਿ ਉਹ ਇਹਨਾਂ ਪੌਦਿਆਂ ਦਾ ਪੂਰਾ ਖਿਆਲ ਰੱਖਣਗੇ ਅਤੇ ਬਰਸਾਤੀ ਮੌਸਮ ਵਿੱਚ ਹੋਰ ਕਾਫ਼ੀ ਪੌਦੇ ਲਗਾ ਕੇ ਦੂਸਰੇ ਪਿੰਡਾਂ ਲਈ ਪ੍ਰੇਰਨਾ ਸ੍ਰੋਤ ਬਨਣ ਗੇ ।

## ਕਿਸਾਨਾਂ ਨੂੰ ਜ਼ਮੀਨ ਦਾ

# ਪੂਰਾ ਮੁਆਵਜ਼ਾ ਦਿੱਤੇ ਬਿਨਾਂ ਕੰਮ ਨਹੀਂ ਚੱਲਣ ਦਿੱਤਾ ਜਾਵੇਗਾ- ਕਿਸਾਨ ਆਗੂ



**ਤਲਵੰਡੀ ਸਾਬੋ, 25 ਜੂਨ (ਗੁਰਜੰਟ ਸਿੰਘ ਨਥੇਹਾ)**- ਗੈਸ ਪਾਈਪ ਲਾਈਨ ਦੇ ਮੁਆਵਜੇ ਸਬੰਧੀ ਲੇਲੇਵਾਲਾ ਵਿਖੇ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਮੌੜ ਅਤੇ ਤਲਵੰਡੀ ਵੱਲੋਂ ਇੱਕ ਜੁਲਾਈ ਤੋਂ ਚੱਲ ਰਹੇ ਮੋਰਚੇ ਵਿੱਚ ਪਹੁੰਚੇ ਕਿਸਾਨਾਂ ਨੂੰ ਚੌਕਸ ਕਰਦਿਆਂ ਕਿਸਾਨ ਆਗੂਆਂ ਨੇ ਕਿਹਾ ਕਿ ਕੰਪਨੀ ਅਧਿਕਾਰੀ ਕਿਸੇ ਵੇਲੇ ਵੀ ਧੱਕੇ ਨਾਲ ਕੰਮ ਚਲਾ ਸਕਦੇ ਹਨ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜਿਲਾ ਪ੍ਰੈਸ ਸਕੱਤਰ ਜਸਵੀਰ ਸਿੰਘ ਬੁਰਜ ਸੇਮਾ ਨੇ ਦੱਸਿਆ ਕਿ ਜਥੇਬੰਦੀ ਦੇ ਆਗੂਆਂ ਨੂੰ ਗੁਪਤ ਸੂਚਨਾ ਮਿਲੀ ਹੈ ਕਿ ਕੰਪਨੀ ਦੇ ਅਧਿਕਾਰੀ ਕੰਮ ਚਲਾਉਣ ਲਈ ਤਿਆਰੀ ਕਰ ਰਹੇ ਹਨ। ਅੱਜ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਆਗੂ ਜਗਦੇਵ ਸਿੰਘ ਜੋਗੇਵਾਲਾ ਅਤੇ ਬਲਾਕ ਤਲਵੰਡੀ ਤੇ ਜਨਰਲ ਸਕੱਤਰ ਹਰਪ੍ਰੀਤ ਸਿੰਘ ਕਾਲਾ ਚੱਠੇਵਾਲਾ ਨੇ ਕਿਹਾ ਕਿ ਕੰਪਨੀ ਵੱਲੋਂ ਕੀਤੇ ਸਮਝੌਤੇ ਮੁਤਾਬਕ ਕਿਸਾਨਾਂ ਨੂੰ ਜਮੀਨ ਦਾ ਪੂਰਾ ਮੁਆਵਜ਼ਾ ਦਿੱਤੇ ਬਿਨਾਂ ਕੰਮ ਨਹੀਂ ਚੱਲਣ ਦਿੱਤਾ ਜਾਵੇਗਾ। ਉਹਨਾਂ ਕਿਹਾ ਕਿ ਕੰਪਨੀ ਅਧਿਕਾਰੀਆਂ ਅਤੇ ਪ੍ਰਸ਼ਾਸਨ ਵੱਲੋਂ ਕਿਸਾਨਾਂ ਨੂੰ ਝੂਠਾ ਲਾਲਚ ਦਿਖਾ ਕੇ ਜਾਂ ਹੋਰ ਢੰਗਾਂ ਰਾਹੀਂ ਪਾੜਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਪਰ ਉਹਨਾਂ ਦੀ ਇਹ ਚਾਲ ਚੱਲਣ ਨਹੀਂ ਦਿੱਤੀ ਜਾਵੇਗੀ। ਜ਼ਿਕਰਯੋਗ ਹੈ ਕਿ 15 ਮਈ 2023 ਨੂੰ ਕੰਪਨੀ ਦੇ ਅਧਿਕਾਰੀਆਂ ਵੱਲੋਂ ਜਿਲ੍ਹਾ ਪ੍ਰਸ਼ਾਸਨ ਦੀ ਹਾਜ਼ਰੀ ਵਿੱਚ ਕਿਸਾਨਾਂ ਨਾਲ ਸਮਝੌਤਾ ਕੀਤਾ ਸੀ ਕਿ ਜਿੰਨਾ ਕਿਸਾਨਾਂ ਦੇ ਖੇਤਾਂ ਵਿੱਚ ਦੀ ਪਾਈਪ ਲਾਈਨ ਲੰਘੀ ਹੈ ਉਹਨਾਂ ਸਾਰੇ ਕਿਸਾਨਾਂ ਨੂੰ 24 ਲੱਖ ਰੁਪਿਆ ਪ੍ਰਤੀ ਏਕੜ ਦੇ ਹਿਸਾਬ ਨਾਲ ਮੁਆਵਜ਼ਾ ਦਿੱਤਾ ਜਾਵੇਗਾ ਜਿਸ ਨੂੰ ਲਾਗੂ ਕਰਾਉਣ ਲਈ ਭਾਰਤੀ ਕਿਸਾਨ ਏਕਤਾ ਉਗਰਾਹਾਂ ਦੀ ਅਗਵਾਈ ਵਿੱਚ 1 ਜੁਲਾਈ 2023 ਤੋਂ ਲੇਲੇਵਾਲਾ ਵਿਖੇ ਪੱਕਾ ਮੋਰਚਾ ਲੱਗਿਆ ਹੋਇਆ ਹੈ ਪਰ ਕੰਪਨੀ ਵੱਲੋਂ ਹਲੇ ਤੱਕ ਸਮਝੌਤਾ ਲਾਗੂ ਨਹੀਂ ਕੀਤਾ ਗਿਆ।

## ਪੰਜਾਬੀ ਸਾਹਿਤ ਸਭਾ ਨੇ

# 'ਜਲ ਹੈ ਤਾਂ ਕੱਲ੍ਹ ਹੈ' ਦਾ ਪੋਸਟਰ ਕੀਤਾ ਲੋਕ ਅਰਪਿਤ



**ਚੌਕ ਮਹਿਤਾ, 25 ਜੂਨ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸਹਿਯੋਗ ਨਾਲ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਸਾਹਿਤਕ ਸਮਾਗਮ ਕਰਵਾਇਆ ਗਿਆ, ਪ੍ਰਧਾਨਗੀ ਮੰਡਲ ਵਿੱਚ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਮੀਤ ਪ੍ਰਧਾਨ ਉਤੇ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਮੁੱਖ ਸੰਚਾਲਕ ਸ਼ੇਲਿੰਦਰਜੀਤ ਸਿੰਘ ਰਾਜਨ, ਕਾਰਜਕਾਰੀ ਮੈਂਬਰ ਮਾ: ਮਨਜੀਤ ਸਿੰਘ ਵੱਸੀ, ਜਸਪਾਲ ਸਿੰਘ ਜੌਹਲ, ਮੱਖਣ ਸਿੰਘ ਭੈਣੀਵਾਲਾ, ਡਾ: ਕੁਲਵੰਤ ਸਿੰਘ ਬਾਠ ਸੁਸ਼ੋਭਿਤ ਹੋਏ। ਇਸ ਮੌਕੇ ਲੇਖਕ, ਨਿਰਦੇਸ਼ਕ ਅਤੇ ਡਾਇਰੈਕਟਰ ਸੁਲੱਖਣ ਸਿੰਘ ਦਿਓਲ ਦੀ ਨਿਰਦੇਸ਼ਨਾ ਹੇਠ ਵਾਤਾਵਰਣ ਨੂੰ ਖੁਸ਼ਹਾਲ ਰੱਖਣ ਲਈ ਅਤੇ ਪਾਣੀ ਅਤੇ ਰੁੱਖ ਨੂੰ ਬਚਾਉਣ ਲਈ ਤਿਆਰ ਟੈਲੀ ਫਿਲਮ "ਜਲ ਹੈ ਤਾਂ ਕੱਲ੍ਹ ਹੈ" ਦਾ ਪੋਸਟਰ ਲੋਕ ਅਰਪਿਤ ਕੀਤਾ ਗਿਆ। ਇਸ ਟੈਲੀ ਫਿਲਮ ਵਿੱਚ ਸਕੱਤਰ ਸਿੰਘ ਪੁਰੇਵਾਲ, ਸਾਬ ਸਰਾਂ, ਗੁਰਪ੍ਰੀਤ ਸਿੰਘ ਪੁਰੇਵਾਲ ਅਤੇ ਗੇਜਾ ਖਡੂਰ ਸਾਹਿਬ ਨੇ ਮੁੱਖ ਭੂਮਿਕਾ ਨਿਭਾਈ ਹੈ। ਇਸ ਮੌਕੇ ਬੁਲਾਰਿਆਂ ਨੇ ਕਿਹਾ ਕਿ ਅੱਜ ਗਰਮੀ ਨਾਲ ਲੋਕ ਤਰਾਸ-ਤਰਾਸ ਕਰ ਰਹੇ ਹਨ, ਜਿਸ ਦਾ ਕਾਰਣ ਹਰਿਆਲੀ ਭਰੇ ਰੁੱਖਾਂ ਦਾ ਕੱਟੇ ਜਾਣਾ ਹੈ, ਉਨ੍ਹਾਂ ਕਿਹਾ ਕਿ ਸਾਨੂੰ ਹਰਿਆਲੀ ਭਰੇ ਰੁੱਖ ਲਾਉਣੇ ਚਾਹੀਦੇ ਹਨ ਅਤੇ ਪਾਣੀ ਦੀ ਵੱਧ ਤੋਂ ਵੱਧ ਬੱਚਤ ਕਰਨੀ ਚਾਹੀਦੀ ਹੈ। ਇਸ ਮੌਕੇ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੀ ਮਹਿਲਾ ਵਿੰਗ ਦੀ ਪ੍ਰਧਾਨ ਸੁਖਵੰਤ ਕੌਰ ਵੱਸੀ, ਸਕੱਤਰ ਅਮਨ ਢਿੱਲੋਂ ਕਸੇਲ, ਸਰਬਜੀਤ ਸਿੰਘ ਲਾਡੀ, ਸਰਬਜੀਤ ਸਿੰਘ ਪੱਡਾ, ਕਵੀਸ਼ਰ ਅਮਰਜੀਤ ਸਿੰਘ ਰਤਨਗੜ੍ਹ, ਤਰਸੇਮ ਸਿੰਘ ਸਰਾਂ ਤਲਵੰਡੀ, ਅਰਮਾਨਜੀਤ ਸਿੰਘ ਦਿਓਲ, ਲਖਵਿੰਦਰ ਸਿੰਘ ਉੱਪਲ, ਅਮਰਜੀਤ ਸਿੰਘ ਘੁੱਕ, ਅੰਗਰੇਜ ਸਿੰਘ ਖਡੂਰ ਸਾਹਿਬ, ਗੁਰਪ੍ਰੀਤ ਸਿੰਘ ਪੁਰੇਵਾਲ, ਮਾ: ਬਲਬੀਰ ਸਿੰਘ ਆਦਿ ਨੇ ਕਾਵਿ ਰਚਨਾਵਾਂ ਪੜ੍ਹੀਆਂ।

# ਗੁਰਦੁਆਰਾ ਬਾਬਾ ਹੰਦਾਲ ਸਾਹਿਬ ਵਿਖੇ ਸੰਤ ਬਾਬਾ ਸੰਤੋਖ ਮੁਨੀ ਜੀ ਦੀ ਸਾਲਾਨਾ ਬਰਸੀ ਨੂੰ ਸਮਰਪਿਤ ਸਮਾਗਮ ਅੱਜ:-ਸੰਤ ਬਾਬਾ ਪਰਮਾਨੰਦ ਜੀ



**ਜੰਡਿਆਲਾ ਗੁਰੂ, 25 ਜੂਨ ( ਕੁਲਵੰਤ ਸਿੰਘ ਵਿਰਦੀ )**-ਤਪ ਅਸਥਾਨ ਗੁਰਦੁਆਰਾ ਬਾਬਾ ਹੁੰਦਾਲ ਸਾਹਿਬ ਜੀ ਦੇ ਮੁੱਖ ਸੰਚਾਲਕ ਸੰਤ ਬਾਬਾ ਪਰਮਾਨੰਦ ਜੀ ਵੱਲੋਂ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸੰਤ ਬਾਬਾ ਸੰਤੋਖ ਮੁਨੀ ਜੀ ਸਾਲਾਨਾ ਬਰਸੀ 26 ਜੂਨ ਨੂੰ ਅੱਜ ਮਨਾਈ ਜਾ ਰਹੀ ਹੈ ਇਸ ਬਰਸੀ ਨੂੰ ਸਮਰਪਿਤ 24 ਜੂਨ ਦਿਨ ਸੋਮਵਾਰ 11 ਹਾੜ ਨੂੰ ਸਵੇਰੇ 10 ਵਜੇ ਬੇਅੰਤ ਸ੍ਰੀ ਆਖੰਡ ਪਾਠ ਸਾਹਿਬ ਜੀ ਦੀ ਆਰੰਭਤਾ ਕੀਤੀ ਗਈ ਅਤੇ ਮਿਤੀ 26 ਜੂਨ ਦਿਨ ਬੁੱਧਵਾਰ 13 ਹਾੜ ਨੂੰ ਗੁਰਦੁਆਰਾ ਬਾਬਾ ਹੁੰਦਾਲ ਸਾਹਿਬ ਜੀ ਸਵੇਰੇ 10 ਵਜੇ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ ਭੋਗ ਤੋਂ ਉਪਰੰਤ ਧਾਰਮਿਕ ਦੀਵਾਨ ਸਜਾਏ ਜਾਣਗੇ ਜਿਸ ਵਿਚ ਪੰਥ ਪ੍ਰਸਿੱਧ ਕਵੀਸ਼ਰੀ 'ਜਥੇ ,ਕੀਰਤਨੀ ਜੱਥੇ ਅਤੇ ਸੰਤ ਮਹਾਂਪੁਰਖ ਪ੍ਰਚਾਰਕ ਗੁਰੂ ਜੱਸ ਸਰਵਣ ਕਰਕੇ ਸੰਗਤਾਂ ਨੂੰ ਨਿਹਾਲ ਕਰਨਗੇ ਇਸ ਬਰਸੀ ਸਬੰਧੀ ਗੁਰਦੁਆਰਾ ਸਾਹਿਬ ਜੀ ਦੇ ਮੁੱਖ ਸੰਚਾਲਕ ਸੰਤ ਬਾਬਾ ਪਰਮਾਨੰਦ ਜੀ ਨੇ ਇਲਾਕੇ ਦੀਆਂ ਸਮੂਹ ਸੰਗਤਾਂ ਨੂੰ ਬੇਨਤੀ ਕੀਤੀ ਕਿ ਸਮੇਂ ਸਿਰ ਗੁਰਦੁਆਰਾ ਸਾਹਿਬ ਜੀ ਵਿਖੇ ਪਹੁੰਚ ਕੇ ਸੰਗਤਾਂ ਕਰਕੇ ਗੁਰੂ ਸਾਹਿਬ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤੇਗਾ।

# ਜਸਵੰਤ ਜ਼ਫਰ ਨੂੰ ਭਾਸ਼ਾ ਵਿਭਾਗ ਦੇ ਡਾਇਰੈਕਟਰ ਤੇ ਸਵਿੰਦਰ ਸਵੀ ਨੂੰ ਕਲਾ ਪਰਿਸ਼ਦ ਦਾ ਚੇਅਰਮੈਨ ਲਾਉਣ ਦੇ ਫ਼ੈਸਲੇ ਦੀ ਕੇਂਦਰੀ ਸਭਾ ਵਲੋਂ ਸ਼ਲਾਘਾ



**ਚੌਕ ਮਹਿਤਾ 25 ਜੂਨ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਭਾਸ਼ਾ ਵਿਭਾਗ ਪੰਜਾਬ ਦੇ ਡਾਇਰੈਕਟਰ ਵਜੋਂ ਪੰਜਾਬੀ ਸ਼ਾਇਰ, ਵਾਰਤਾਕਾਰ ਅਤੇ ਚਿੱਤਰਕਾਰ ਜਸਵੰਤ ਜ਼ਫਰ ਦੀ ਨਿਯੁਕਤੀ ਦਾ ਕੇਂਦਰੀ ਪੰਜਾਬੀ ਲੇਖਕ ਸਭਾ ਨੇ ਸਵਾਗਤ ਕੀਤਾ ਹੈ। ਸਭਾ ਦੇ ਪ੍ਰਧਾਨ ਦਰਸ਼ਨ ਬੁੱਟਰ, ਜਰਨਲ ਸਕੱਤਰ ਸੁਸ਼ੀਲ ਦੁਸਾਂਝ, ਸੀਨੀਅਰ ਮੀਤ ਪ੍ਰਧਾਨ ਡਾ. ਹਰਜਿੰਦਰ ਸਿੰਘ ਅਟਵਾਲ, ਮੀਤ ਪ੍ਰਧਾਨ ਸ਼ੇਲਿੰਦਰਜੀਤ ਸਿੰਘ ਰਾਜਨ ਅਤੇ ਦਫਤਰ ਸਕੱਤਰ ਦੀਪ ਦੇਵਿੰਦਰ ਸਿੰਘ ਵਲੋਂ ਜਾਰੀ ਬਿਆਨ ਵਿਚ ਜਸਵੰਤ ਜ਼ਫਰ ਨੂੰ ਭਾਸ਼ਾ ਵਿਭਾਗ ਦੇ ਡਾਇਰੈਕਟਰ ਨਿਯੁਕਤ ਕਰਨ ਅਤੇ ਪੰਜਾਬੀ ਸ਼ਾਇਰ ਅਤੇ ਫੋਟੋ ਕਲਾਕਾਰ ਸਵਰਨਜੀਤ ਸਵੀ ਨੂੰ ਪੰਜਾਬ ਕਲਾ ਪਰਿਸ਼ਦ ਦਾ ਚੇਅਰਮੈਨ ਨਿਯੁਕਤ ਕੀਤੇ ਜਾਣ ਦੇ ਫ਼ੈਸਲੇ ਦੀ ਰੌਸ਼ਨੀ ਵਿੱਚ ਕਿਹਾ ਕਿ ਇਹਨਾਂ ਬਹੁ -ਵੱਕਾਰੀ ਅਹੁਦਿਆਂ ਉਪਰ ਨਾਮਵਰ ਸਾਹਿਤਕਾਰਾਂ ਨੂੰ ਨਿਯੁਕਤ ਕਰਨਾ ਪੰਜਾਬੀ ਭਾਸ਼ਾ, ਸਾਹਿਤ ਅਤੇ ਸਭਿਆਚਾਰ ਲਈ ਸ਼ੁੱਭ ਸ਼ਗਨ ਹੈ। ਉਹਨਾਂ ਆਸ ਪ੍ਰਗਟ ਕੀਤੀ ਕਿ ਜਿਵੇਂ ਪੰਜਾਬੀ ਸਾਹਿਤਕਾਰ ਲਾਲ ਸਿੰਘ ਅਤੇ ਕਪੂਰ ਸਿੰਘ ਘੁੰਮਣ ਦੇ ਡਾਇਰੈਕਟਰ ਕਾਲ ਵਿੱਚ ਭਾਸ਼ਾ ਵਿਭਾਗ ਦਾ ਸੁਨਹਿਰੀ ਦੌਰ ਸੀ ਉਹ ਸਮਾਂ ਵਿਭਾਗ ਅੰਦਰ ਮੁੜ ਪਰਤੇਗਾ। ਕੇਂਦਰੀ ਸਭਾ ਦੇ ਅਹੁਦੇਦਾਰਾਂ ਸੁਰਿੰਦਰਪ੍ਰੀਤ ਘਣੀਆਂ, ਦਲਜੀਤ ਸਿੰਘ ਸਾਹੀ, ਬਲਵਿੰਦਰ ਸੰਧੂ, ਮਨਜੀਤ ਇੰਦਰਾ, ਭੁਪਿੰਦਰ ਕੌਰ ਪ੍ਰੀਤ, ਮੂਲ ਚੰਦ ਸ਼ਰਮਾ, ਰਜਿੰਦਰ ਰਾਜਨ, ਮਖਣ ਕੁਹਾੜ ਅਤੇ ਡਾ. ਕਰਮਜੀਤ ਸਿੰਘ ਨੇ ਵਧਾਈ ਦੇਂਦਿਆਂ ਕਿਹਾ ਕਿ ਸਰਕਾਰ ਨੂੰ ਭਾਸ਼ਾ ਵਿਭਾਗ ਨੂੰ ਪੈਰਾਂ ਸਿਰ ਖੜ੍ਹਾ ਕਰਨ ਲਈ ਪਹਿਲ ਦੇ ਆਧਾਰ 'ਤੇ ਫੰਡ ਵੀ ਜਾਰੀ ਕਰਨੇ ਚਾਹੀਦੇ ਹਨ। ਉਕਤ ਨਿਯੁਕਤੀਆਂ ਦਾ ਸਵਾਗਤ ਕਰਨ ਵਾਲਿਆਂ ਵਿੱਚ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਸਰਪ੍ਰਸਤ ਪ੍ਰਿੰ: ਰਘਬੀਰ ਸਿੰਘ ਸੋਹਲ, ਪ੍ਰਧਾਨ ਸੰਤੋਖ ਸਿੰਘ ਗੁਰਾਇਆ, ਖਜ਼ਾਨਚੀ ਮਾ: ਮਨਜੀਤ ਸਿੰਘ ਵੱਸੀ, ਸੀ: ਮੀਤ ਪ੍ਰਧਾਨ ਡਾ: ਪਰਮਜੀਤ ਸਿੰਘ ਬਾਠ, ਸੀ: ਮੀਤ ਪ੍ਰਧਾਨ ਮੱਖਣ ਸਿੰਘ ਭੈਣੀਵਾਲਾ, ਮੀਤ ਪ੍ਰਧਾਨ ਮੁਖਤਾਰ ਸਿੰਘ ਗਿੱਲ, ਜਸਪਾਲ ਸਿੰਘ ਧੂਲਕਾ, ਸਕੱਤਰ ਨਵਦੀਪ ਸਿੰਘ ਬਦੇਸ਼ਾ, ਸਤਰਾਜ ਜਲਾਲਾਂਬਾਦੀ, ਸਕੱਤਰ ਸਿੰਘ ਪੁਰੇਵਾਲ, ਦਿਲਰਾਜ ਸਿੰਘ ਦਰਦੀ, ਸੱਤਾ ਜਸਪਾਲ, ਸੁਖਦੇਵ ਸਿੰਘ ਭੁੱਲਰ, ਡਾ: ਕੁਲਵੰਤ ਸਿੰਘ ਬਾਠ, ਸਰਬਜੀਤ ਸਿੰਘ ਪੱਡਾ, ਅਮਰਜੀਤ ਸਿੰਘ ਘੁੱਕ, ਬਲਵਿੰਦਰ ਸਿੰਘ ਅਠੌਲਾ, ਅਰਜਿੰਦਰ ਬੁਤਾਲਵੀ, ਅਜੀਤ ਸਿੰਘ ਸਠਿਆਲਾ, ਪ੍ਰਧਾਨ ਸੁਖਵੰਤ ਕੌਰ ਵੱਸੀ, ਮੀਤ ਪ੍ਰਧਾਨ ਜਤਿੰਦਰਪਾਲ ਕੌਰ ਭਿੰਡਰ, ਰਾਜਵਿੰਦਰ ਕੌਰ ਰਾਜ, ਗੁਰਮੀਤ ਕੌਰ ਬੱਲ ਸੁਰਿੰਦਰ ਖਿਲਚੀਆਂ, ਅਮਨ ਢਿੱਲੋਂ ਕਸੇਲ ਆਦਿ ਦੇ ਨਾਂ ਵੀ ਵਰਨਣਯੋਗ ਹਨ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ AWAZE QAUM International Newspaper & WEB TV
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਗੱਤਕਾ ਸਿੱਖਾਂ ਦੀ ਗੌਰਵਮਈ ਸ਼ਾਨ, ਯੋਗਾ ਦੀ ਕੋਈ ਮਹਤੱਤਾ ਨਹੀਂ : ਜਥੇਦਾਰ ਮੁੱਚ ਬੁਲਾਰਾ, ਬਾਬਾ ਬੋਹੜ ਸਿੰਘ, ਜਥੇਦਾਰ ਸਾਹਿਬ ਸਿੰਘ, ਰੰਧਾਵਾ

**ਚੌਕ ਮਹਿਤਾ, 25 ਜੂਨ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸਿੱਖ ਰੂਹਾਨੀਅਤ ਦਾ ਕੇਂਦਰ ਹੈ ਅਤੇ ਇੱਥੇ ਸਮੁੱਚੀ ਮਾਨਵ ਜਾਤੀ ਨੂੰ ਰੱਬੀ ਏਕਤਾ ਦਾ ਸੰਦੇਸ਼ ਮਿਲਦਾ ਹੈ। ਇਸ ਪਵਿੱਤਰ ਅਸਥਾਨ ਤੇ ਬੀਤੇ ਕੱਲ ਇਕ ਲੜਕੀ ਵੱਲੋਂ ਪਰਿਕਰਮਾ ਵਿਚ ਯੋਗ ਆਸਣ ਦੇ ਵਿਚ ਤਸਵੀਰਾਂ ਖਿਚਵਾ ਕੇ ਸੋਸ਼ਲ ਮੀਡੀਆ 'ਤੇ ਪ੍ਰਸਾਰਿਤ ਕਰਨਾ ਬੇਹੱਦ ਨਿੰਦਣਯੋਗ ਘਟਨਾ ਹੈ। ਇਹ ਪ੍ਰਗਟਾਵਾ ਦਮਦਮੀ ਟਕਸਾਲ ਦੇ ਮੁੱਖ ਬੁਲਾਰੇ ਜਥੇਦਾਰ ਸੁਖਦੇਵ ਸਿੰਘ, ਜਥੇਦਾਰ ਬਾਬਾ ਬੋਹੜ ਸਿੰਘ,ਜਥੇਦਾਰ ਸਾਹਿਬ ਸਿੰਘ, ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ ਨੇ 'ਪੱਤਰਕਾਰਾ' ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਆਖਿਆ ਕਿ ਸਿੱਖ ਧਰਮ ਇਕ ਨਿਆਰਾ ਤੇ ਨਿਰਾਲਾ ਧਰਮ ਹੈ, ਜਿਸ ਵਿਚ ਯੋਗ ਆਸਣ ਦੀ ਕੋਈ ਮਹੱਤਤਾ ਨਹੀਂ ਹੈ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਆਤਮ ਜਗਿਆਸੂਆਂ ਲਈ ਗੁਰਬਾਣੀ ਦੇ ਰੂਹਾਨੀ ਆਭਾ ਮੰਡਲ ਦਾ ਲਾਹਾ ਲੈਣ ਦਾ ਮੁਕੱਦਸ ਅਸਥਾਨ ਹੈ ਅਤੇ ਇਸ ਪਾਵਨ ਅਸਥਾਨ ਦੀ ਹਦੂਦ ਅੰਦਰ ਯੋਗ ਆਸਣ ਆਦਿ ਕਿਰਿਆਵਾਂ, ਜਿਨ੍ਹਾਂ ਦੀ ਸਿੱਖ ਧਰਮ ਵਿਚ ਕੋਈ ਮਾਨਤਾ ਨਾ ਹੋਵੇ, ਕਰਨੀਆਂ ਘੋਰ ਮਨਮਤਿ ਹਨ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬਾਨ ਨੇ ਸਰੀਰਕ ਕਸਰਤ ਲਈ ਸਿੱਖਾਂ ਨੂੰ ਗੱਤਕਾ ਵਰਗੀ ਜੰਗਜੂ ਕਲਾ ਦਿੱਤੀ ਹੈ ਅਤੇ ਸਿੱਖ ਯੋਗ ਨਹੀਂ, ਗੱਤਕਾ ਖੇਡਦੇ ਹਨ। ਸਿਖਾ ਨੇ ਗੱਤਕੇ ਦੀ ਮੁਹਾਰਤ ਦੇ ਨਾਲ ਦੁਸ਼ਮਣਾਂ ਦੇ ਹਰ ਹਮਲੇ ਅਤੇ ਹਰ ਵਾਰ ਦਾ ਮੂੰਹ ਤੋੜਵਾਂ ਜਵਾਬ ਦਿੱਤਾ ਹੈ। ਚੇਅਰਮੈਨ ਖਾਲਸਾ ਨੇ ਆਖਿਆ ਕਿ ਅੱਜ ਸਾਨੂ ਆਪਣੇ ਗੁਰੂਆਂ ਦੇ ਦੱਸੇ ਮਾਰਗ ਤੇ ਚੱਲਣ ਦੀ ਲੋੜ ਹੈ, ਸਿੱਖ ਨੂੰ ਆਪਣੇ ਆਪ ਨੂੰ ਤੰਦਰੁਸਤ ਰੱਖਣ ਲਈ ਕਿਸੇ ਯੋਗਾ ਦੀ ਲੋੜ ਨਹੀਂ, ਸਗੋਂ ਗਤਕਾ ਹੀ ਸਾਡੀ ਸ਼ਰੀਰਕ ਸ਼ਕਤੀ ਦਾ ਸਭ ਤੋਂ ਵੱਡਾ ਤੇ ਮੁੱਖ ਸ੍ਰੋਤ ਹੈ। ਉਨ੍ਹਾਂ ਕਿਹਾ ਕਿ ਸਿੱਖਾਂ ਦੇ ਸਿਧਾਂਤਾਂ ਤੇ ਮਰਿਆਦਾ ਨੂੰ ਠੇਸ ਪਹੁੰਚਾਉਂਣ ਵਾਲੇ ਸ਼ਰਾਰਤੀ ਲੋਕਾਂ ਨੂੰ ਸਖਤੀ ਨਾਲ ਨੱਥ ਪਾਉਣ ਦੀ ਲੋੜ ਹੈ, ਜੋ ਸਿੱਖਾਂ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਦੇ ਕੋਝੇ ਯਤਨ ਕਰਦੇ ਹਨ। ਇਸ ਦੌਰਾਨ ਫੇਡਰੇਸ਼ਨ ਪ੍ਰਧਾਨ ਅਮਰ ਬੀਰ ਸਿੰਘ ਤੋਟ, ਜਥੇਦਾਰ ਤਿਰਲੋਚਨ ਸਿੰਘ, ਜਥੇਦਾਰ ਗੁਰਪਰੀਤ ਸਿੰਘ ਵੈਦ, ਗਿਆਨੀ ਜੋਬਨ ਜੀਤ ਸਿੰਘ, ਭਾਈ ਚਮਕੌਰ ਸਿੰਘ, ਆਦਿ ਸਿੰਘ ਹਾਜ਼ਰ ਸਨ।



ੴ ਸ੍ਰੀ ਅਕਾਲ ਸਹਾਇ

ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ

ਗੁਰਮਤਿ ਸਿਖਲਾਈ ਕੈਂਪ 2024 ਸਮਾਪਤੀ ਸਮਾਗਮ

ਗੁਰਦੁਆਰਾ ਗੁਰੂ ਨਾਨਕ ਪੁਰਾ ਨਾਰਨੌਲ ਅਤੇ ਗੁਰਦੁਆਰਾ ਕਿਰਾਰੌਦ ਨਾਰਨੌਲ (ਹਰਿਆਣਾ)

ਇਸ ਕੈਂਪ ਦੀ ਸਮਾਪਤੀ ਦਾ ਸਮਾਗਮ ਮਿਤੀ- 29 ਜੂਨ 2024 ਨੂੰ ਸਵੇਰੇ 10:00 ਤੋਂ ਦੁਪਹਿਰ 01:00 ਵਜੇ ਤੱਕ ਹੋਵੇਗਾ।

ਮਿਤੀ- 29 ਜੂਨ 2024 ਨੂੰ ਦੁਪਹਿਰ 12:30 ਵਜੇ ਅੰਮ੍ਰਿਤ ਸੰਚਾਰ ਹੋਵੇਗਾ ਜੀ।

ਪ੍ਹੁੰਚ ਰਹੇ ਜੱਥੇ



ਭਾਈ ਗੁਰਸੇਵਕ ਸਿੰਘ ਚਮਕਾਰਾ, ਢਾਡੀ ਜੱਥਾ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ



ਭਾਈ ਗੁਰਸੇਵਕ ਸਿੰਘ ਰੰਗੀਲਾ
ਹਜ਼ੂਰੀ ਰਾਗੀ ਜੱਥਾ ਗੁ: ਦਾਦੂ ਸਾਹਿਬ (ਸਿਰਸਾ)

ਨੋਟ- ਕਕਾਰ ਭੇਟਾ ਰਹਿਤ ਦਿੱਤੇ ਜਾਣਗੇ ਜੀ।



ਜਥੇਦਾਰ ਭੁਪਿੰਦਰ ਸਿੰਘ ਅਸੰਧ
ਪ੍ਰਧਾਨ,
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ



ਸ. ਸੁਖਵਿੰਦਰ ਸਿੰਘ ਮੰਡੇਬਰ
ਜਰਨਲ ਸਕੱਤਰ,
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ



ਸ. ਤਜਿੰਦਰਪਾਲ ਸਿੰਘ ਨਾਰਨੌਲ
ਅੰਤ੍ਰਿੰਗ ਮੈਂਬਰ,
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ



ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ,
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ

ਬੇਨਤੀ ਕਰਤਾ- ਸਕੱਤਰ ਧਰਮ ਪ੍ਰਚਾਰ ਹਰਿਅਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸਮੂੰਹ ਸਾਧ ਸੰਗਤ ਨਾਰਨੌਲ।

## ਮਨਜੀਤ ਸਿੰਘ ਮੰਨਾ ਦੀ ਅਗਵਾਈ ’ਚ ਐਮਰਜੈਂਸੀ ਨੂੰ ‘ਲੋਕਤੰਤਰ ਦਾ ਕਾਲਾ ਦਿਨ’ ਵਜੋਂ ਯਾਦ ਕੀਤਾ ਗਿਆ

# ਲੋਕਤੰਤਰ ਦਾ ਰੱਛਕ ਨਹੀਂ ਅੱਜ ਵੀ ਭੱਛਕ ਹੈ ਕਾਂਗਰਸ - ਪ੍ਰੋ. ਸਰਚਾਂਦ ਸਿੰਘ

☛ ਹਰ ਪਿੰਡ ਵਿਚ ਭਾਜਪਾ ਦਾ ਬੂਟਾ ਲਗ ਚੁੱਕਿਆ ਹੈ, ਆਉਣ ਵਾਲਾ ਸਮਾਂ ਭਾਜਪਾ - ਮੰਨਾ ☛ ਲੋਕਤੰਤਰ ਨੂੰ ਕਾਇਮ ਰੱਖਣ ਲਈ ਜਮਹੂਰੀ ਸੰਸਥਾਵਾਂ ਨੂੰ ਮਜ਼ਬੂਤ ਕਰਨਾ ਜ਼ਰੂਰੀ - ਡਾ. ਸੁਸ਼ੀਲ ਦੇਵਗਨ

**ਅੰਮ੍ਰਿਤਸਰ, 25 ਜੂਨ (ਆਵਾਜ਼ਿ ਕੌਮ ਬਿਊਰੋ)**-ਭਾਰਤੀ ਜਨਤਾ ਪਾਰਟੀ ਅੰਮ੍ਰਿਤਸਰ ਦਿਹਾਤੀ ਵੱਲੋਂ ਜ਼ਿਲ੍ਹਾ ਪ੍ਰਧਾਨ ਤੇ ਸਾਬਕਾ ਸੰਸਦੀ ਸਕਤਰ ਸ. ਮਨਜੀਤ ਸਿੰਘ ਮੰਨਾ ਦੀ ਅਗਵਾਈ ’ਚ 1975 ਨੂੰ ਅੱਜ ਦੇ ਦਿਨ 25 ਜੂਨ ਨੂੰ ਇੰਦਰਾ ਗਾਂਧੀ ਹਕੂਮਤ ਵੱਲੋਂ ਲਗਾਈ ਗਈ ਐਮਰਜੈਂਸੀ ਨੂੰ ’ਲੋਕਤੰਤਰ ਦਾ ਕਾਲਾ ਦਿਨ” ਦੇ ਰੂਪ ਵਿਚ ਯਾਦ ਕੀਤਾ ਗਿਆ। ਜ਼ਿਲ੍ਹਾ ਪ੍ਰਧਾਨ ਮਨਜੀਤ ਸਿੰਘ ਮੰਨਾ ਨੇ ਕਿਹਾ ਕਿ ਜਮਹੂਰੀਅਤ ਦਾ ਗੱਲਾ ਘੁੱਟਣ ਵਾਲੀ ਕਾਂਗਰਸ ਅੱਜ ਦੂਜਿਆਂ ਨੂੰ ਲੋਕਤੰਤਰ ਦਾ ਪਾਠ ਪੜਾਉਣ ਤੁਰੀ ਹੈ। ਉਨ੍ਹਾਂ ਕਿਹਾ ਭਾਰਤ ਦੇ ਲੋਕਾਂ ਨੂੰ ਕਾਂਗਰਸ ਤੇ ਇੰਡੀ ਗੱਠਜੋੜ ਨੂੰ ਨਕਾਰ ਕੇ ਪ੍ਰਧਾਨ

ਆਵਾਜ਼ਿ ਕੌਮ AWAZE QAUM International Newspaper & WEB TV

ਮੰਤਰੀ ਨਰਿੰਦਰ ਮੋਦੀ ’ਤੇ ਲਗਾਤਾਰ ਤੀਜੀ ਵਾਰ ਵਿਸ਼ਵਾਸ ਜਤਾਇਆ ਹੈ। ਉਨ੍ਹਾਂ ਭਾਜਪਾ ਨੂੰ ਪੰਜਾਬ ਵਿਚ ਤੀਜੀ ਵੱਡੀ ਪਾਰਟੀ ਬਣਾਉਣ ਅਤੇ ਸਿਆਸੀ ਬਦਲ ਵਜੋਂ ਦੇਖਣ ਲਈ ਲੋਕਾਂ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਇਸ ਵਾਰ ਹਰ ਪਿੰਡ ਵਿਚ ਭਾਜਪਾ ਦਾ ਬੂਟਾ ਲਗ ਚੁੱਕਿਆ ਹੈ, 2027 ’ਚ ਇਹ ਜ਼ਰੂਰ ਛਾਂ ਅਤੇ ਫਸ ਦੇਵੇਗਾ। ਉਨ੍ਹਾਂ ਕਿਹਾ ਕਾਂਗਰਸ ਅਤੇ ਆਪ ਨੇ ਪੰਜਾਬ ਨੂੰ ਤਬਾਹ ਕਰ ਦਿੱਤਾ ਹੈ। ਭਾਜਪਾ ਹੀ ਪੰਜਾਬ ਦੀ ਆਰਥਿਕਤਾ ਅਤੇ ਸਮਾਜ ਨੂੰ ਸਹੀ ਸੇਧ ਦੇਣ ਦੇ ਕਾਬਲ ਹੈ, ਆਉਣ ਵਾਲਾ ਸਮਾਂ ਭਾਜਪਾ ਦਾ ਹੈ। ਐਮਰਜੈਂਸੀ ਵਿਰੁੱਧ ਆਪਣੀ ਭੂਮਿਕਾ ਅਦਾ ਕਰਨ ਵਾਲਿਆਂ ਨੂੰ ਸ਼ਰਧਾਂਜਲੀ ਦੇਣ ਲਈ ਸਮਾਗਮ ’ਚ ਵਿਸ਼ੇਸ਼ ਤੌਰ ’ਤੇ ਸ਼ਿਰਕਤ ਕਰਨ ਪਹੁੰਚੇ ਸੂਬਾ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਕਿਹਾ ਕਿ ਕਾਂਗਰਸ ਲੋਕਤੰਤਰ ਦਾ ਰੱਛਕ ਨਹੀਂ ਅੱਜ ਵੀ ਭੱਛਕ ਹੈ। ਲੋਕਤੰਤਰ ਦਾ ਘਾਣ ਕਰਨ ਵਾਲੀ ਕਾਂਗਰਸ ਨੇ ਅਤੀਤ ਤੋਂ ਸਬਕ ਨਹੀਂ ਲਿਆ ਹੈ, ਅੱਜ ਵੀ ਕਾਂਗਰਸ ਦੀ ਸਤਾ ਭੁੱਖ ਵਾਲੀ ਮਾਨਸਿਕਤਾ ’ਚ ਕੋਈ ਤਬਦੀਲੀ ਨਹੀਂ ਆਈ ਹੈ। ਉਨ੍ਹਾਂ ਕਿਹਾ ਕਿ ਇਹ ਹੈਰਾਨੀ ਦੀ ਗਲ ਹੈ ਕਿ ਸੋਨੀਆ ਗਾਂਧੀ, ਰਾਹੁਲ ਗਾਂਧੀ ਅਤੇ ਕਾਂਗਰਸ ਪ੍ਰਧਾਨ ਮਲਿਕਾਰੁਜਨ ਖੜਗੇ ਸਮੇਤ ਵਿਰੋਧੀ ਗੱਠਜੋੜ ਦੇ ਆਗੂਆਂ ਵੱਲੋਂ ਸੰਵਿਧਾਨ ਨੂੰ ਬਚਾਉਣ ਦੀਆਂ ਡੀਂਗਾਂ ਮਾਰੀਆਂ



ਜਾ ਰਹੀਆਂ ਹਨ, ਦੂਜੇ ਪਾਸੇ ਉਨ੍ਹਾਂ ਨੂੰ ਮੋਦੀ ਸਰਕਾਰ ਅਤੇ ਭਾਜਪਾ ਵੱਲੋਂ ਐਮਰਜੈਂਸੀ ਦੇ ਦੌਰ ਨੂੰ ਚੇਤੇ ਕੀਤੇ ਜਾਣ ’ਤੇ ਵੀ ਇਤਰਾਜ਼ ਹੈ। ਉਨ੍ਹਾਂ ਕਿਹਾ ਕਿ ਐਮਰਜੈਂਸੀ ਦੌਰਾਨ ਜਮਹੂਰੀਅਤ ਅਤੇ ਲੋਕਾਂ ਨਾਲ ਜੋ ਵੀ ਵਧੀਕੀਆਂ ਕੀਤੀਆਂ ਗਈਆਂ ਉਹ ਲੋਕ ਸਿਮ੍ਰਿਤੀਆਂ ’ਚ ਅੱਜ ਵੀ ਜਗਾ ਮੱਲੀ ਬੈਠੀਆਂ ਹਨ। ਬੇਸ਼ੱਕ ਹਾਲੀਆ ਲੋਕ ਸਭਾ ਚੋਣ ਪ੍ਰਚਾਰ ਦੌਰਾਨ ਕਾਂਗਰਸ ਅਤੇ ਇੰਡੀ ਗੱਠਜੋੜ ਵੱਲੋਂ ਗ.ਲਤ ਜਾਣਕਾਰੀ, ਡਰ ਅਤੇ ਸ਼ੰਕੇ ਫੈਲਾ ਕੇ ਕਾਂਗਰਸ ਵੱਲੋਂ ਅਤੀਤ ਦੌਰਾਨ ਕੀਤੇ ਕਾਰਿਆਂ ਨੂੰ ਲੋਕਾਂ ਦੀ ਜਨਤਕ ਯਾਦਦਾਸ਼ਤ ਵਿਚੋਂ ਮਿਟਾਉਣ ਲਈ ਭਾਜਪਾ ਉੱਤੇ ਸੰਵਿਧਾਨ ’ਤੇ ਹਮਲਾ ਵਰਗੇ ਬੇਬੁਨਿਆਦ ਅਤੇ ਗੁਮਰਾਹਕੁਨ ਦੋਸ਼ ਲਾ ਕੇ ਦੇਸ਼ ਵਿਚ ਇਕ ਅਵਿਸ਼ਵਾਸ ਦਾ ਮਾਹੌਲ ਅਤੇ ਬਿਰਤਾਂਤ ਸਿਰਜਣ ਦੀ ਵੀ ਪੂਰੀ ਕੋਸ਼ਿਸ਼ ਕੀਤੀ ਗਈ। ਜੋ ਕਿ ਭਾਰਤੀ ਸਿਹਤਮੰਦ ਲੋਕਤੰਤਰ ਅਤੇ ਸਮਾਜ ਲਈ ਇੱਕ ਖ਼ਤਰਨਾਕ ਅਤੇ ਚਿੰਤਾਜਨਕ ਵਰਤਾਰਾ ਹੈ। ਉਨ੍ਹਾਂ ਕਿਹਾ ਕਿ ਐਮਰਜੈਂਸੀ ਦੌਰਾਨ ਇੰਦਰਾ ਗਾਂਧੀ ਸ਼ਾਸਨ ’ਤੇ ਪੂਰਾ ਨਿਯੰਤਰਨ ਪ੍ਰਾਪਤ ਕਰਦਿਆਂ ਨਿਰੰਕੁਸ਼ ਸ਼ਾਸਨ ਕਾਇਮ ਕਰਨ ਦੇ ਰਾਹ ਪੈ ਚੁੱਕੀ ਸੀ। ਉਸ ਵਕਤ ਗਾਂਧੀ ਪਰਿਵਾਰ ਪ੍ਰਤੀ ਵਫ਼ਾਦਾਰੀ ਨੂੰ ਰਾਜਨੀਤੀ ’ਚ ਪ੍ਰਸੰਗਿਕ ਬਣਾ ਲਿਆ ਗਿਆ ਸੀ। ਇਹ ਮਾਡਲ ਗੈਰ ਭਾਜਪਾ ਅਤੇ ਕਾਂਗਰਸ ’ਚ ਅੱਜ ਵੀ ਕਾਰਜਸ਼ੀਲ ਹੈ। ਭਾਰਤ ਨੂੰ ਵੱਡਾ ਖ਼ਤਰਾ ਵੰਸ਼ਵਾਦੀ ਰਾਜਨੀਤਿਕ ਪਾਰਟੀਆਂ ਤੋਂ ਹੈ। ਕਾਂਗਰਸ ਪਾਰਟੀ ’ਚ ਪ੍ਰਧਾਨ ਦੀ ਥਾਂ ਗਾਂਧੀ ਪਰਿਵਾਰ ਹਾਵੀ ਹੈ। ਪਰਿਵਾਰਵਾਦ ਦੇ ਕਿਸੇ ਪਾਰਟੀ ’ਚ ਹਾਵੀ ਹੋਣ ਨਾਲ ਲਿਆਕਤ ਜਗਾ ਨਹੀਂ ਮਿਲਦੀ। ਦੇਸ਼ ਸਾਲਾਂ ਤੋਂ ਇਹ ਨੁਕਸਾਨ ਝੱਲ ਰਿਹਾ ਹੈ। ਉਨ੍ਹਾਂ ਕਿਹਾ ਕਿ 1975 ਦੀ ਐਮਰਜੈਂਸੀ ਭਾਰਤੀ ਲੋਕਤੰਤਰ ’ਚ ਇਕ ਕਾਲਾ ਦੌਰ ਸੀ। ਜਿਸ ਨੂੰ ਕਿਸੇ ਵੀ ਕੀਮਤ ’ਤੇ ਭੁਲਾਇਆ ਨਹੀਂ ਜਾ ਸਕਦਾ। ਜਿੱਥੇ ਰਾਜਸੀ ਸਵਾਰਥ ਲਈ ਲੋਕਤੰਤਰ ਨੂੰ ਹਾਈਜੈਕ ਕੀਤਾ ਗਿਆ ਅਤੇ ਅਸਹਿਮਤੀ ਨੂੰ ਬਲ ਪੂਰਵਕ ਦਬਾਇਆ ਗਿਆ। ਬੁਨਿਆਦੀ ਅਧਿਕਾਰਾਂ ਨੂੰ ਮੁਅੱਤਲ ਕਰਕੇ ਨਾਗਰਿਕ ਸੁਤੰਤਰਤਾ ਦਾ ਖ਼ਾਤਮਾ ਅਤੇ ਮਨੁੱਖੀ ਅਧਿਕਾਰਾਂ ਦੀ ਘੋਰ ਉਲੰਘਣਾ ਕੀਤੀ ਗਈ। ਪ੍ਰੈੱਸ ਨੂੰ ਦਮਨਕਾਰੀ ਹੱਦ ਤੱਕ ਸੈਂਸਰ ਕੀਤਾ ਗਿਆ। ਉਨ੍ਹਾਂ ਕਿਹਾ ਕਿ ਐਮਰਜੈਂਸੀ ਨੂੰ ਸੁਪਰੀਮ ਕੋਰਟ ਦੇ ਜਸਟਿਸ ਸੰਜੇ ਕ੍ਰਿਸ਼ਨ ਕੌਲ ਦੀ ਅਗਵਾਈ ਵਾਲੇ ਬੈਂਚ ਨੇ 14 ਦਸੰਬਰ 2020 ਨੂੰ ਇਕ ਫ਼ੈਸਲੇ ’ਚ ਦੇਸ਼ ਲਈ ਬੇਲੋੜਾ ਕਰਾਰ ਦਿੱਤਾ ਸੀ। ਪ੍ਰੋ. ਸਰਚਾਂਦ ਸਿੰਘ ਨੇ ਕਿਹਾ ਕਿ ਪੰਜਾਬ ਦੀ ਰਾਜਨੀਤੀ ’ਚ ਸਭ ਤੋਂ ਵੱਧ ਚਰਚਿਤ ਅਤੇ ਵਿਵਾਦਿਤ ਸਤਲੁਜ ਯਮੁਨਾ ਲਿੰਕ ਦਾ ਮੁੱਦਾ ਵੀ ਇਸੇ ਦੌਰ ਦੀ ਦੇਣ ਹੈ। ਜਿਸ ਨੇ 1980 ਦੇ ਦਹਾਕੇ ਦੌਰਾਨ ਸ਼ੁਰੂ ਹੋਈ ਪੰਜਾਬ ਦੀ ਤ੍ਰਾਸਦੀ ਦਾ ਮੁੱਢ ਬੰਨ੍ਹਿਆ । ਉਨ੍ਹਾਂ ਕਿਹਾ ਕਿ ਜੇ ਵਿਰੋਧੀ ਪਾਰਟੀਆਂ ਅਤੇ ਖ਼ਾਸ ਤੌਰ ’ਤੇ ਕਾਂਗਰਸ ਸੰਵਿਧਾਨ ਪ੍ਰਤੀ ਰਤਾ ਵੀ ਸਤਿਕਾਰ ਰੱਖਦੀ ਹੈ ਤਾਂ ਉਨ੍ਹਾਂ ਨੂੰ ਸੰਵਿਧਾਨ ਦੀਆਂ ਕਾਪੀਆਂ ਲਹਿਰਾਉਣ ਦੀ ਥਾਂ ਐਮਰਜੈਂਸੀ ਦੇ ਉਸ ਕਾਲੇ ਦੌਰ ਨੂੰ ਨਾ ਸਿਰਫ਼ ਚੇਤੇ ਕਰਨਾ ਚਾਹੀਦਾ ਹੈ ਬਲਕਿ ਉਸ ਨੂੰ ਲਾਗੂ ਕਰਨ ਵਾਲਿਆਂ ਦੀ ਨਿੰਦਾ ਵੀ ਕਰਨੀ ਚਾਹੀਦੀ ਹੈ। ਕਿਉਂਕਿ ਉਸ ਦੌਰ ’ਚ ਨਾਗਰਿਕਾਂ ਦੇ ਹਕੂਕ ਦਾ ਬੁਰੀ ਤਰ੍ਹਾਂ ਦਮਨ ਕਰਨ ਦੇ ਨਾਲ ਹੀ ਸੰਵਿਧਾਨ ਨਾਲ ਵੀ ਛੇੜਛਾੜ ਕੀਤੀ ਗਈ ਸੀ। ਜ਼ਿਲ੍ਹਾ ਜਨਰਲ ਸਕਤਰ ਡਾ. ਸੁਸ਼ੀਲ ਦੇਵਗਨ ਨੇ ਕਿਹਾ ਕਿ ਲੋਕਤੰਤਰ ਦੇ ਸਿਧਾਂਤਾਂ ਤੇ ਕਦਰਾਂ ਕੀਮਤਾਂ ਨੂੰ ਕਾਇਮ ਰੱਖਣ ਲਈ ਜਮਹੂਰੀ ਸੰਸਥਾਵਾਂ ਨੂੰ ਮਜ਼ਬੂਤ ਕਰਨਾ ਜ਼ਰੂਰੀ ਹੈ। ਸਾਨੂੰ ਜਮਹੂਰੀਅਤ ਦੀ ਰੱਖਿਆ ਲਈ ਆਪਣੇ ਆਪ ਨੂੰ ਸਮਰਪਿਤ ਕਰਨ ਅਤੇ ਸੰਵਿਧਾਨ ਅਤੇ ਸੰਸਥਾਵਾਂ ਦੀ ਮਰਿਆਦਾ ਨੂੰ ਬਰਕਰਾਰ ਰੱਖਣ ਲਈ ਆਪਣੀ ਭੂਮਿਕਾ ਨਿਭਾਉਣ ਦਾ ਸੰਕਲਪ ਲੈਣਾ ਚਾਹੀਦਾ ਹੈ। ਇਸ ਮੌਕੇ ਹਲਕਾ ਰਾਜਾਸਾਂਸੀ ਦੇ ਇੰਚਾਰਜ ਮੁਖਵਿੰਦਰ ਸਿੰਘ ਮਾਹਲ,ਅਟਾਰੀ ਹਲਕੇ ਦੀ ਇੰਚਾਰਜ ਬਲਵਿੰਦਰ ਕੌਰ, ਹਲਕਾ ਮਜੀਠਾ ਦੇ ਇੰਚਾਰਜ ਪ੍ਰਦੀਪ ਸਿੰਘ ਭੁੱਲਰ, ਜੰਡਿਆਲਾ ਹਲਕੇ ਦੇ ਇੰਚਾਰਜ ਹਰਦੀਪ ਸਿੰਘ ਗਿੱਲ, ਇਸਤਰੀ ਮੋਰਚਾ ਦੀ ਪ੍ਰਧਾਨ ਹਰਪ੍ਰੀਤ ਕੌਰ ਸੇਖੋਂ, ਓਬੀਸੀ ਮੋਰਚਾ ਦੇ ਜਨਰਲ ਸਕਤਰ ਕੰਵਰ ਬੀਰ ਸਿੰਘ ਮੰਜ਼ਿਲ, ਜ਼ਿਲ੍ਹਾ ਜਨਰਲ ਸਕਤਰ ਉਦੈ ਕੁਮਾਰ, ਪ੍ਰਮਜੀਤ ਸਿੰਘ ਵਣੀਏਕੇ, ਸੁਪਨਦੀਪ ਸਿੰਘ ਸਾਬੀ ਮੰਡਲ ਪ੍ਰਧਾਨ ਜੰਡਿਆਲਾ, ਮਨਜੀਤ ਸਿੰਘ ਤਰਸਿਕਾ ਮੰਡਲ ਪ੍ਰਧਾਨ, ਜਗਰੂਪ ਸਿੰਘ ਵਡਾਲੀ, ਲਖਵਿੰਦਰ ਸਿੰਘ ਠੇਕੇਦਾਰ, ਜ਼ਿਲ੍ਹਾ ਕਿਸਾਨ ਮੋਰਚਾ ਪ੍ਰਧਾਨ ਕੰਵਲਜੀਤ ਸਿੰਘ ਭਲਾਈਪੁਰ,ਕਰਮ ਸਿੰਘ ਪ੍ਰਧਾਨ ਮੰਡਲ ਖਲਚੀਆਂ, ਰਾਜੇਸ਼ ਟਾਂਗਰੀ ਮੰਡਲ ਪ੍ਰਧਾਨ ਰਈਆ ਅਤੇ ਅਵਤਾਰ ਸਿੰਘ ਪ੍ਰਧਾਨ ਬਿਆਸ ਵੀ ਮੌਜੂਦ ਸਨ।

1984 ਦੇ ਤੀਸਰੇ ਘੱਲੂਘਾਰੇ ਦੇ ਸਮੂਹ ਸ਼ਹੀਦਾਂ ਸਿੰਘਾਂ ਦੀ ਯਾਦ ਨੂੰ ਸਮਰਪਿਤ

# ਸਮਾਗਮਾਂ ਦੌਰਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ 2 ਜੁਲਾਈ ਨੂੰ ਕਥਾ ਕਰਨਗੇ








ਆਵਾਜ਼ਿ ਕੌਮ
AWAZE QAUM
International Newspaper & WEB TV






ਚੌਂਕ ਮਹਿਤਾ, 24 ਜੂਨ (ਬਾਬਾ ਸੁਖਵੰਤ ਸਿੰਘ ਚੰਨਣਕੇ)- 1984 ਦੇ ਤੀਸਰੇ ਘੱਲੂਘਾਰੇ ਦੇ ਸਮੂਹ ਸ਼ਹੀਦਾਂ ਸਿੰਘਾਂ ਦੀ ਯਾਦ ਨੂੰ ਸਮਰਪਿਤ ਦਮਦਮੀ ਟਕਸਾਲ ਦੇ ਹੈੱਡਕੁਆਰਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਦੂਸਰੇ ਦਿਨ ਦੇ ਸ਼ਹੀਦੀ ਸਮਾਗਮ ਅੱਜ ਮਿਤੀ 2 ਜੁਲਾਈ 2024 ਸ਼ਾਮ 4 ਵਜੇ ਤੋਂ 6:30 ਵਜੇ ਤਕ ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁਖੀ ਦਮਦਮੀ ਟਕਸਾਲ ਮਹਾਂਪੁਰਸ਼ਾਂ ਦੀ ਅਗੁਵਾਈ 'ਚ ਕਰਵਾਏ ਜਾ ਰਹੇ ਹਨ। ਸਮੂਹ ਸੰਗਤਾਂ ਨੂੰ ਬੇਨਤੀ ਹੈ। ਦਰਸ਼ਨ ਦੇਣ ਦੀ ਕ੍ਰਿਪਾਲਤਾ ਕਰਨੀ ਜੀ।



ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243